SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.Switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 22* Issue 80** | **Monday, April 24, 2023** | **Tel: 905-793-2202 | Fax: 905-793-2282 | news@punjabipost.ca** | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਯੂਕਰੇਨ ਨੂੰ 39 ਮਿਲੀਅਨ ਡਾਲਰ ਦੀ ਹੋਰ ਮਿਲਟਰੀ ਸਹਾਇਤੀ ਮੁਹੱਈਆ ਕਰਾਵੇਗਾ ਕੈਨੇਡਾ

ਓਟਵਾ, 21 ਅਪਰੈਲ (ਪੋਸਟ ਬਿਊਰੋ) : ਕੈਨੇਡਾ ਵੱਲੋਂ 39 ਮਿਲੀਅਨ ਡਾਲਰ ਦੇ ਹਥਿਆਰ ਤੇ ਹੋਰ ਮਿਲਟਰੀ ਸਹਾਇਤਾ ਯੂਕਰੇਨ ਨੂੰ ਦੇਣ ਦਾ ਤਹੱਈਆ ਪ੍ਰਗਟਾਇਆ ਗਿਆ ਹੈ।




ਰੱਖਿਆ ਮੰਤਰੀ ਅਨੀਤਾ ਆਨੰਦ ਨੇ ਜਰਮਨੀ ਵਿੱਚ ਅਮਰੀਕਾ ਤੇ ਆਪਣੇ ਹੋਰਨਾਂ ਭਾਈਵਾਲ ਮੁਲਕਾਂ ਦੇ ਹਮਰੁਤਬਾ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਇਹ ਐਲਾਨ ਕੀਤਾ।ਇਸ ਡੋਨੇਸ਼ਨ ਵਿੱਚ 35 ਮਿਲੀਅਨ ਡਾਲਰ ਨਕਦੀ ਦੇ ਰੂਪ ਵਿੱਚ ਯੂਕਰੇਨ ਨੂੰ ਦਿੱਤੇ ਜਾਣਗੇ ਤਾਂ ਕਿ ਉਹ ਫਿਊਲ, ਫਰਸਟ ਏਡ ਕਿੱਟਸ ਤੇ ਹੋਰ ਘੱਟ ਮਾਰੂ ਹਥਿਆਰ ਖਰੀਦ ਸਕੇ। ਇਹ ਸਾਰੀ ਰਕਮ ਸਪੈਸ਼ਲ ਨਾਟੋ ਫੰਡ ਰਾਹੀਂ ਮੁਹੱਈਆ ਕਰਵਾਈ ਜਾਵੇਗੀ।

ਬਾਕੀ ਦੇ ਬਚੇ ਪੈਸਿਆਂ ਨਾਲ 40 ਸਨਾਈਪਰ ਰਾਈਫਲਾਂ ਤੇ ਵਿਨੀਪੈਗ ਦੀ ਕੰਪਨੀ ਤੋਂ ਹੋਰ ਗੋਲੀ ਸਿੱਕਾ ਖਰੀਦਿਆ ਜਾਵੇਗਾ। ਇਸ ਤੋਂ ਇਲਾਵਾ ਕੈਨੇਡਾ ਵੱਲੋਂ ਪਹਿਲਾਂ ਯੂਕਰੇਨ ਨੂੰ ਦਾਨ ਕੀਤੇ ਗਏ ਅੱਠ ਲੈਪਰਡ 2 ਟੈਂਕਾਂ ਲਈ ਨਵੇਂ ਰੇਡੀਓ ਸੈੱਟ ਵੀ ਖਰੀਦੇ ਜਾਣਗੇ। ਫਰਵਰੀ 2022 ਵਿੱਚ ਰੂਸ ਵੱਲੋਂ ਯੂਕਰੇਨ ਉੱਤੇ ਚੜ੍ਹਾਈ ਕਰ ਦਿੱਤੇ ਜਾਣ ਤੋਂ ਬਾਅਦ ਕੈਨੇਡਾ ਵੱਲੋਂ ਯੂਕਰੇਨ ਦੀ ਵਿੱਤੀ, ਮਿਲਟਰੀ ਤੇ ਮਨੁੱਖਤਾਵਾਦੀ ਮਦਦ ਲਈ 8 ਬਿਲੀਅਨ ਡਾਲਰ ਤੋਂ ਵੀ ਵੱਧ ਦੇਣ ਦਾ ਤਹੱਈਆ ਕੀਤਾ ਜਾ ਚੁੱਕਿਆ ਹੈ।

## ਹੁਣ ਫੈਡਰਲ ਪਬਲਿਕ ਸਰਵਿਸ ਯੂਨੀਅਨ ਬੰਦਰਗਾਹਾਂ ਦੇ ਨੇੜੇ ਲਾਵੇਗੀ ਧਰਨੇ

ਓਟਵਾ, 23 ਅਪਰੈਲ (ਪੋਸਟ ਬਿਊਰੋ) : ਕੈਨੇਡਾ ਦੀ ਸੱਭ ਤੋਂ ਵੱਡੀ ਫੈਡਰਲ ਪਬਲਿਕ ਸਰਵਿਸ ਯੂਨੀਅਨ ਵੱਲੋਂ ਧਰਨੇ ਲਾਉਣ ਵਾਲੀਆਂ ਥਾਂਵਾਂ ਨੂੰ ਸੋਮਵਾਰ ਤੋਂ ਬਦਲਿਆ ਜਾ ਰਿਹਾ ਹੈ ਤੇ ਇਹ ਧਰਨੇ ਹੁਣ ਬੰਦਰਗਾਹਾਂ ਦੇ ਨੇੜੇ ਲਾਏ ਜਾਣਗੇ। ਦੋਵਾਂ ਧਿਰਾਂ ਵੱਲੋਂ ਇੱਕ ਦੂਜੇ ਉੱਤੇ ਸਹੀ ਢੰਗ ਨਾਲ ਗੱਲ ਨਾ ਕਰਨ ਦੇ ਦੋਸ਼ ਲਾਏ ਜਾ ਰਹੇ ਹਨ।



ਪਬਲਿਕ ਸਰਵਿਸ ਅਲਾਇੰਸ ਆਫ ਕੈਨੇਡਾ ਦੇ ਨੈਸ਼ਨਲ ਪ੍ਰੈਜ਼ੀਡੈਂਟ ਕ੍ਰਿਸ ਏਲਵਾਰਡ ਨੇ ਐਤਵਾਰ ਨੂੰ ਇੱਕ ਇੰਟਰਵਿਊ ਵਿੱਚ ਆਖਿਆ ਕਿ ਅਸੀਂ ਦੇਸ਼ ਭਰ ਵਿੱਚ ਅਜਿਹੀਆਂ ਥਾਂਵਾਂ ਉੱਤੇ ਧਰਨੇ ਲਾਉਣ ਬਾਰੇ ਸੋਚ ਰਹੇ ਹਾਂ ਜਿੱਥੇ ਸਰਕਾਰ ਉੱਤੇ ਸਿੱਧਾ ਅਸਰ ਪਵੇਗਾ।ਉਨ੍ਹਾਂ ਆਖਿਆ ਕਿ ਇਸ ਨਾਲ ਕੈਨੇਡੀਅਨਜ਼ ਤੇ ਕੈਨੇਡੀਅਨ ਅਰਥਚਾਰੇ ਉੱਤੇ ਵੱਡਾ ਅਸਰ ਪਵੇਗਾ ਕਿਉਂਕਿ ਇਸ ਨਾਲ ਇੰਪੋਰਟ-ਐਕਸਪੋਰਟ ਵਿੱਚ ਦੇਰ ਹੋਵੇਗੀ ਤੇ ਕੰਮਕਾਜ ਵਿੱਚ ਵਿਘਣ ਪਵੇਗਾ। ਅਸੀਂ ਇਸ ਸੱਭ ਕਾਸੇ ਵਿੱਚੋਂ ਜਿੰਨੀ ਜਲਦੀ ਹੋ ਸਕੇ ਬਾਹਰ ਆਉਣਾ ਚਾਹੁੰਦੇ ਹਾਂ।ਅਜੇ ਤੱਕ ਯੂਨੀਅਨ ਵੱਲੋਂ ਸਰਕਾਰੀ ਬਿਲਡਿੰਗਾਂ, ਹਲਕਾ ਆਫਿਸਾਂ ਤੇ ਪਾਰਲੀਆਮੈਂਟ ਹਿੱਲ ਵਰਗੀਆਂ ਥਾਂਵਾਂ ਉੱਤੇ ਧਰਨੇ ਲਾਏ ਜਾ ਰਹੇ ਹਨ।

ਏਲਵਾਰਡ ਨੇ ਆਖਿਆ ਕਿ ਸਰਕਾਰ ਨੇ ਸ਼ਨਿੱਚਰਵਾਰ ਨੂੰ ਸੋਧਿਆ ਹੋਇਆ ਕਾਂਟਰੈਕਟ ਪੇਸ਼ ਕੀਤਾ ਸੀ ਤੇ ਯੂਨੀਅਨ ਨੇ ਵੀ ਉਸੇ ਦਿਨ ਆਪਣਾ ਪੱਖ ਪੇਸ਼ ਕਰ ਦਿੱਤਾ ਸੀ ਪਰ ਉਸ ਤੋਂ ਬਾਅਦ ਤੋਂ ਫੈਡਰਲ ... ਬਾਕੀ ਸਫਾ 2 'ਤੇ

## ਸਿੱਕ ਕਿੱਡਜ਼ ਦੇ ਗੈਰ ਕਲੀਨਿਕਲ ਏਰੀਆ ਵਿੱਚ ਅੱਜ ਤੋਂ ਮਾਸਕ ਲਾਉਣ ਦੀ ਸ਼ਰਤ ਕੀਤੀ ਜਾਵੇਗੀ ਖ਼ਤਮ




ਓਨਟਾਰੀਓ, 23 ਅਪਰੈਲ (ਪੋਸਟ ਬਿਊਰੋ) : 24 ਅਪਰੈਲ ਤੋਂ ਹਾਸਪਿਟਲ ਫੌਰ ਸਿੱਕ ਚਿਲਡਰਨ (ਸਿੱਕ ਕਿੱਡਜ਼) ਵੱਲੋਂ ਗੈਰ ਕਲੀਨਿਕਲ ਤੇ ਗੈਰ ਪੇਸ਼ੈਂਟ ਏਰੀਆ ਵਿੱਚ ਮਾਸਕ ਲਾਉਣ ਦੀ ਸ਼ਰਤ ਖ਼ਤਮ ਕੀਤੀ ਜਾ ਰਹੀ ਹੈ।

ਪਰ ਜਿਨ੍ਹਾਂ ਥਾਂਵਾਂ ਉੱਤੇ ਮਰੀਜ਼ ਮੌਜੂਦ ਹੋਣਗੇ, ਜਿਵੇਂ ਕਿ ਲਾਬੀਜ਼ ਤੇ ਐਲੇਵੇਟਰਜ਼ ਵਰਗੀਆਂ ਸਾਂਝੀਆਂ ਥਾਂਵਾਂ, ਉੱਤੇ ਅਜੇ ਵੀ ਮਾਸਕਸ ਦੀ ਲੋੜ ਹੋਵੇਗੀ। ਇੱਕ ਈਮੇਲ ਵਿੱਚ ਸੀਨੀਅਰ ਕਮਿਊਨਿਕੇਸ਼ਨਜ਼ ਐਡਵਾਈਜ਼ਰ ਫੌਰ ਸਿੱਕਕਿੱਡਜ਼ ਸਾਰਾਹ ਵਾਰ ਨੇ ਆਖਿਆ ਕਿ ਟੋਰਾਂਟੋ ਰੀਜਨ ਹਾਸਪਿਟਲ ਆਪਰੇਸ਼ਨਜ਼ ਟੇਬਲ ਦੀਆਂ ਸਿਫਾਰਿਸ਼ਾਂ ਉੱਤੇ ਅਸੀਂ ਕੈਂਪਸ ਦੇ ਕੁੱਝ ਖਾਸ ਇਲਾਕਿਆਂ ਵਿੱਚੋਂ ਮਾਸਕ ਵਾਲੀ ਸ਼ਰਤ ਖ਼ਤਮ ਕਰਨ ਜਾ ਰਹੇ ਹਾਂ।

ਇਹ ਸਿਫਾਰਿਸ਼ਾਂ ਕੋਵਿਡ-19 ਫੈਲਣ ਦੇ ਖ਼ਤਰਿਆਂ ਵਿੱਚ ਆਈ ਕਮੀ ਤੇ ਰੈਸਪੀਰੇਟਰੀ ਵਾਇਰਸ ਦੇ ਇੱਕ ਵਿਅਕਤੀ ਤੋਂ ਦੂਜੇ ਤੱਕ ਫੈਲਣ ਦੇ ਗੈਰ ਹਾਈ ਰਿਸਕ ਪੀਰੀਅਡ ਉੱਤੇ ਆਧਾਰਿਤ ਹਨ। 24 ਅਪਰੈਲ ਤੋਂ ਸਿੱਕ ਕਿੱਡਜ਼ ਕੈਂਪਸ ਦੇ ਪ੍ਰਸ਼ਾਸਕੀ ਆਫਿਸਾਂ ਤੇ ਮੀਟਿੰਗ ਵਾਲੀਆਂ ਥਾਂਵਾਂ ਤੋਂ ਇਲਾਵਾ ਗੈਰ ਕਲੀਨਿਕਲ ਥਾਂਵਾਂ ਉੱਤੇ ਮਾਸਕਿੰਗ ਦੀ ਕੋਈ ਲੋੜ ਨਹੀਂ ਰਹੇਗੀ। ਇਸ ਤੋਂ ਇਲਾਵਾ ਪੀਟਰ ਗਿਲਗਨ ਸੈਂਟਰ ਫੌਰ ਰਿਸਰਚ ਐਂਡ ਲਰਨਿੰਗ, 525 ਯੂਨੀਵਰਸਿਟੀ, 180 ਡੰਡਸ ਤੇ ਹੋਰ ਆਫ ਸਾਈਟ ਈਵੈਂਟਸ ਉੱਤੇ ਵੀ ਮਾਸਕ ਲਾਉਣ ਦੀ ਲੋੜ ਨਹੀਂ ਰਹਿ ਜਾਵੇਗੀ।

## ਘਰ ਵਿੱਚ ਜਬਰੀ ਦਾਖਲ ਹੋ ਕੇ ਜਿਨਸੀ ਹਮਲਾ ਕਰਨ ਵਾਲਾ ਗ੍ਰਿਫਤਾਰ

ਟੋਰਾਂਟੋ, 23 ਅਪਰੈਲ (ਪੋਸਟ ਬਿਊਰੋ) : ਪਹਿਲੀ ਅਪਰੈਲ ਨੂੰ ਕਾਲਜ ਸਟਰੀਟ ਵੈਸਟ ਤੇ ਕਲਿੰਟਨ ਸਟਰੀਟ ਏਰੀਆ ਵਿੱਚ ਜਿਨਸੀ ਹਮਲੇ ਦੀ ਵਾਪਰੀ ਘਟਨਾ ਤੋਂ ਬਾਅਦ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ।




3 ਅਪਰੈਲ ਨੂੰ ਪੁਲਿਸ ਨੂੰ ਜਿਨਸੀ ਹਮਲੇ ਦੀ ਖਬਰ ਮਿਲੀ। ਇਹ ਹਮਲਾ ਦੋ ਦਿਨ ਪਹਿਲਾਂ ਹੋਇਆ ਸੀ। 92 ਸਾਲਾ ਮਹਿਲਾ ਆਪਣੇ ਘਰ ਵਿੱਚ ਸੀ ਜਦੋਂ ਇੱਕ ਵਿਅਕਤੀ ਉਸ ਦੇ ਘਰ ਦਾਖਲ ਹੋ ਗਿਆ। ਘਰ ਅੰਦਰ ਦਾਖਲ ਹੋ ਕੇ ਉਸ ਵਿਅਕਤੀ ਨੇ ਮਹਿਲਾ ਉੱਤੇ ਜਿਨਸੀ ਹਮਲਾ ਕੀਤਾ ਤੇ ਉੱਥੋਂ ਫਰਾਰ ਹੋ ਗਿਆ। 13 ਅਪਰੈਲ ਨੂੰ ਟੋਰਾਂਟੋ ਦੇ 58 ਸਾਲਾ ਕੈਲਵਿਨ ਚੈਨ ਨੂੰ ਗ੍ਰਿਫਤਾਰ ਕਰ ਲਿਆ ਗਿਆ ਤੇ ਉਸ ਉੱਤੇ ਗੈਰਕਾਨੂੰਨੀ ਢੰਗ ਨਾਲ ਘਰ ਵਿੱਚ ਦਾਖਲ ਹੋਣ ਤੇ ਜਿਨਸੀ ਹਮਲਾ ਕਰਨ ਦੇ ਚਾਰਜਿਜ਼ ਲਾਏ ਗਏ। ਪੁਲਿਸ ਨੂੰ ਡਰ ਹੈ ਕਿ ਚੈਨ ਦਾ ਸ਼ਿਕਾਰ ਕਈ ਹੋਰ ਮਹਿਲਾਵਾਂ ਵੀ ਹੋਈਆਂ ਹੋ ਸਕਦੀਆਂ ਹਨ। ਪੁਲਿਸ ਵੱਲੋਂ ਮਾਮਲੇ ਦੀ ਹੋਰ ਜਾਂਚ ਕੀਤੀ ਜਾ ਰਹੀ ਹੈ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

KELLEY LAW OFFICE
- Immigration
- Family Law
- Corporate
- Real Estate
- Business Closing
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Cockroaches
- Spiders & Fleas
- Carpenter Ants
- Bedbugs
- Silver Fish
- Wasps
- Racoons
Call : PARESH PATEL
(Government Approved Licensed Technician)
416 938 4598

A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟਰਕਟਰ
647-998-7500 ਬਲਵਿੰਦਰ

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LePAGE Flower City Realty

ON TIME HEATING COOLING & REFRIGERATION
ac - furnance - heat pump -
boilers - gasline - walk in cooler -
water heater
Fully licensed team and govt. rebate upto $8,000
SAURAVDEEP SINGH: 226-332-4040

$3199
BASEMENT DEAL
SPRING SALE
MEGA SAVING
DELIVERY INCLUDED WITHIN GTA
FREE DELIVERY
$1499
$4649
KitchenAid moffat MAYTAG LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
Canadian National Forklift Safety Group
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਦੋ ਗੱਡੀਆਂ ਦੀ ਟੱਕਰ ਵਿੱਚ ਦੋ ਜ਼ਖ਼ਮੀ




ਵਾਅਨ, 21 ਅਪਰੈਲ (ਪੋਸਟ ਬਿਊਰੋ) : ਵਾਅਨ ਵਿੱਚ ਦੋ ਗੱਡੀਆਂ ਦਰਮਿਆਨ ਹੋਈ ਟੱਕਰ ਤੋਂ ਬਾਅਦ ਜ਼ਖ਼ਮੀ ਡਰਾਈਵਰ ਹਸਪਤਾਲ ਵਿੱਚ ਜਿ਼ੰਦਗੀ ਤੇ ਮੌਤ ਦੀ ਲੜਾਈ ਲੜ ਰਿਹਾ ਹੈ।

ਇਹ ਹਾਦਸਾ ਵੀਰਵਾਰ ਨੂੰ ਰਾਤੀਂ 9:00 ਵਜੇ ਪਾਈਨ ਵੈਲੀ ਡਰਾਈਵ ਤੇ ਮੇਜਰ ਮੈਕੈਂਜ਼ੀ ਡਰਾਈਵ ਉੱਤੇ ਵਾਪਰਿਆ। ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਇੱਕ ਗੱਡੀ ਇੰਟਰਸੈਕਸ਼ਨ ਉੱਤੇ ਮੁੜ ਰਹੀ ਸੀ ਕਿ ਇੱਕ ਹੋਰ ਗੱਡੀ ਨੇ ਉਸ ਨੂੰ ਪਿੱਛੋਂ ਟੱਕਰ ਮਾਰ ਦਿੱਤੀ। ਇੱਕ ਡਰਾਈਵਰ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਇੱਕ ਹੋਰ ਵਿਅਕਤੀ ਨੂੰ ਵੀ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਜਾਂਚ ਲਈ ਸੱਤ ਘੰਟਿਆਂ ਵਾਸਤੇ ਇੰਟਰਸੈਕਸ਼ਨ ਨੂੰ ਬੰਦ ਰੱਖਿਆ ਗਿਆ ਪਰ ਬਾਅਦ ਵਿੱਚ ਰੋਡਜ਼ ਖੋਲ੍ਹ ਦਿੱਤੀਆਂ ਗਈਆਂ।

# ਕਿੰਗ ਸਿਟੀ ਦੇ ਉੱਤਰ ਵਿੱਚੋਂ ਮਿਲੀ ਵਿਅਕਤੀ ਦੀ ਲਾਸ਼

ਓਨਟਾਰੀਓ, 23 ਅਪਰੈਲ (ਪੋਸਟ ਬਿਊਰੋ) : ਕਿੰਗ ਸਿਟੀ ਦੇ ਉੱਤਰ ਵੱਲ ਇੱਕ ਵਿਅਕਤੀ ਦੀ ਲਾਸ਼ ਮਿਲਣ ਤੋਂ ਬਾਅਦ ਯੌਰਕ ਰੀਜਨ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਜਾਂਚਕਾਰਾਂ ਦਾ ਕਹਿਣਾ ਹੈ ਕਿ ਐਤਵਾਰ ਸਵੇਰੇ 8:00 ਵਜੇ ਤੋਂ ਪਹਿਲਾਂ ਸੈਨੇਕਾ ਕਾਲਜ ਕਿੰਗ ਕੈਂਪਸ ਦੇ ਉੱਤਰ ਪੱਛਮ ਵਾਲੀ ਟਰੇਲ ਉੱਤੇ ਆਪਣੇ ਕੁੱਤੇ ਨੂੰ ਘੁਮਾਉਣ ਗਏ ਵਿਅਕਤੀ ਨੂੰ ਇੱਕ ਵਿਅਕਤੀ ਦੀ ਲਾਸ਼ ਮਿਲੀ, ਜਿਸ ਮਗਰੋਂ ਪੁਲਿਸ ਨੂੰ ਡਫਰਿਨ ਸਟਰੀਟ ਤੇ 15ਵੇਂ ਸਾਈਡਰੋਡ ਇਲਾਕੇ ਵਿੱਚ ਸੱਦਿਆ ਗਿਆ।

ਪੁਲਿਸ ਨੇ ਦੱਸਿਆ ਕਿ ਇਸ ਵਿਅਕਤੀ ਦੀ ਮੌਤ ਦੇ ਕਾਰਨ ਸ਼ੱਕੀ ਲੱਗ ਰਹੇ ਹਨ ਤੇ ਹੋਮੀਸਾਈਡ ਯੂਨਿਟ ਵੱਲੋਂ ਮਾਮਲੇ ਦੀ ਜਾਂਚ ਆਪਣੇ ਹੱਥ ਲੈ ਲਈ ਗਈ ਹੈ। ਅਜੇ ਤੱਕ ਮ੍ਰਿਤਕ ਵਿਅਕਤੀ ਦੀ ਪਛਾਣ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਗਈ ਤੇ ਮੌਤ ਦੇ ਕਾਰਨਾਂ ਦਾ ਵੀ ਪੋਸਟ ਮਾਰਟਮ ਤੋਂ ਬਾਅਦ ਹੀ ਖੁਲਾਸਾ ਹੋਵੇਗਾ।




## ਅੱਜ ਨਾਮਾ >>

ਕਹਿੰਦੇ ਆਡਿਟ ਪੰਚਾਇਤਾਂ ਦਾ ਹੋਊ ਪੂਰਾ,
ਮਿਲਿਆਂ ਫੰਡਾਂ ਦੀ ਕਰਨੀ ਪੜਤਾਲ ਬੇਲੀ।
ਜਿੰਨੀ ਮਾਇਆ ਪੰਚਾਇਤ ਨੂੰ ਆਈ ਹੈ ਸੀ,
ਕਿੱਥੇ ਖਰਚ ਸਾਰਾਹੋਇਆ ਏ ਮਾਲ ਬੇਲੀ।
ਖਾ ਲਿਆਕਿੰਨਾ ਸਰਪੰਚਜਾਂ ਸੈਕਟਰੀ ਨੇ,
ਛਕ ਗਿਆ ਕਿੰਨਾ ਸੀ ਕੋਈ ਦਲਾਲ ਬੇਲੀ।
ਸੱਚੀਮੁੱਚੀਂ ਸੀ ਜਿੱਥੇ ਇਹ ਖਰਚ ਹੋਇਆ,
ਸੁਧਰਿਆ ਲੱਭ ਪਊ ਪਿੰਡ ਦਾ ਹਾਲ ਬੇਲੀ।
ਚੋਰ-ਕੁੱਤੀ ਦੀਆਪਸ ਦੀ ਸਾਂਝ ਜਿਹੜੀ,
ਲੁਕੀ ਰਹਿਣੀ ਨਹੀਂ ਕਿਤੇ ਵੀ ਗੱਲ ਬੇਲੀ।
ਲੱਗਜੂ ਪਤਾ ਕੀ ਪੰਚ-ਸਰਪੰਚ ਛਕਿਆ,
ਭੇਜਿਆ ਕਿੰਨਾ ਵਿਧਾਇਕ ਦੇ ਵੱਲ ਬੇਲੀ।

**ਤੀਸ ਮਾਰ ਖਾਂ**

# ਹੁਣ ਫੈਡਰਲ ਪਬਲਿਕ ਸਰਵਿਸ ਯੂਨੀਅਨ ਬੰਦਰਗਾਹਾਂ ਦੇ ਨੇੜੇ ਲਾਵੇਗੀ ਧਰਨੇ

ਸਫਾ 1 ਦਾ ਬਾਕੀ

ਟਰੇਜ਼ਰੀ ਬੋਰਡ ਤੋਂ ਕੋਈ ਪ੍ਰਤੀਕਿਰਿਆ ਨਹੀਂ ਮਿਲੀ। ਦੂਜੇ ਪਾਸੇ ਟਰੇਜ਼ਰੀ ਬੋਰਡ ਦੀ ਪ੍ਰੈਜ਼ੀਡੈਂਟ ਮੋਨਾ ਫੋਰਟੀਅਰ ਦੇ ਆਫਿਸ ਤੇ ਲਿਬਰਲ ਮੰਤਰੀ, ਜਿਹੜੇ ਇਸ ਗੱਲਬਾਤ ਉੱਤੇ ਨਜ਼ਰ ਰੱਖ ਰਹੇ ਹਨ, ਵੱਲੋਂ ਇਹ ਆਖਿਆ ਜਾ ਰਿਹਾ ਹੈ ਕਿ ਦੂਜੀ ਪੇਸ਼ਕਸ਼ ਵੀ ਸ਼ਨਿੱਚਰਵਾਰ ਰਾਤ ਨੂੰ 8:30 ਵਜੇ ਕੀਤੀ ਗਈ ਸੀ ਤੇ ਯੂਨੀਅਨ ਦੇ ਜਵਾਬ ਦੀ ਉਡੀਕ ਕੀਤੀ ਜਾ ਰਹੀ ਹੈ।

ਏਲਵਾਰਡ ਨੇ ਆਖਿਆ ਕਿ ਇਹ ਹੜਤਾਲ ਪੰਜਵੇਂ ਦਿਨ ਦਾਖਲ ਹੋ ਚੁੱਕੀ ਹੈ ਤੇ ਅਜੇ ਤੱਕ ਸਰਕਾਰ ਨਾਲ ਗੱਲਬਾਤ ਕੋਈ ਬਹੁਤੇ ਵਧੀਆ ਢੰਗ ਨਾਲ ਅੱਗੇ ਨਹੀਂ ਵੱਧ ਰਹੀ। ਸਰਕਾਰ ਇਸ ਮਸਲੇ ਨੂੰ ਹੱਲ ਕਰਨ ਵਿੱਚ ਦਿਲਚਸਪੀ ਨਹੀਂ ਵਿਖਾ ਰਹੀ। ਕਈ ਮਹੀਨੇ ਤੱਕ ਚੱਲੀ ਗੱਲਬਾਤ ਦੇ ਸਿਰੇ ਨਾ ਲੱਗਣ ਕਾਰਨ ਬੁੱਧਵਾਰ ਨੂੰ 100,000 ਤੋਂ ਵੱਧ ਯੂਨੀਅਨ ਮੈਂਬਰ ਹੜਤਾਲ ਉੱਤੇ ਚਲੇ ਗਏ ਸਨ।

# ਸੁਡਾਨ ’ਚ ਲੋਕ ਪੈਦਲ ਹੀ ਛੱਡ ਰਹੇ ਸ਼ਹਿਰ, ਸੜਕਾਂ ’ਤੇ ਪਈਆਂ ਲਾਸ਼ਾਂ

*** ਹਜ਼ਾਰਾਂ ਭਾਰਤੀ ਵੀ ਉਥੇ ਫਸੇ**

ਖਾਰਟੋਮ, 23 ਅਪ੍ਰੈਲ (ਪੋਸਟ ਬਿਊਰੋ): ਸੂਡਾਨ 'ਚ ਪਿਛਲੇ ਕਈ ਦਿਨਾਂ ਤੋਂ ਫੌਜ ਅਤੇ ਨੀਮ ਫੌਜੀ ਬਲਾਂ ਵਿਚਾਲੇ ਚੱਲ ਰਿਹਾ ਟਕਰਾਅ ਰੁਕਣ ਦਾ ਨਾਂ ਨਹੀਂ ਲੈ ਰਿਹਾ ਹੈ। ਦੋਹਾਂ ਫੌਜਾਂ ਵਿਚਾਲੇ ਹੋਈ ਹਿੰਸਕ ਝੜਪ 'ਚ ਹੁਣ ਤੱਕ 400 ਤੋਂ ਵੱਧ ਲੋਕ ਆਪਣੀ ਜਾਨ ਗੁਆ ਚੁੱਕੇ ਹਨ। ਇਸ ਦੇ ਨਾਲ ਹੀ 3000 ਤੋਂ ਵੱਧ ਲੋਕ ਜ਼ਖਮੀ ਹੋਏ ਹਨ। ਇਸ ਦੌਰਾਨ ਭਾਰਤ ਸਮੇਤ ਕਈ ਦੇਸ਼ਾਂ ਨੇ ਹਿੰਸਾ ਪ੍ਰਭਾਵਿਤ ਦੇਸ਼ ਤੋਂ ਆਪਣੇ ਨਾਗਰਿਕਾਂ ਨੂੰ ਕੱਢਣਾ ਸ਼ੁਰੂ ਕਰ ਦਿੱਤਾ ਹੈ। ਜਾਣਕਾਰੀ ਮੁਤਾਬਕ ਸਾਊਦੀ ਅਰਬ ਦੀ ਸੁਰੱਖਿਆ 'ਚ ਪਹਿਲੀ ਵਾਰ ਸੁਡਾਨ ਤੋਂ ਕਰੀਬ 91 ਲੋਕ ਸੁਰੱਖਿਅਤ ਬਾਹਰ ਆ ਗਏ ਹਨ, ਜਿਨ੍ਹਾਂ 'ਚ ਕੁਝ ਭਾਰਤੀ ਵੀ ਸ਼ਾਮਲ ਹਨ।

ਪੂਰੇ ਸੂਡਾਨ 'ਚ ਇੰਟਰਨੈੱਟ 'ਤੇ ਪਾਬੰਦੀ ਦੀ ਜਾਣਕਾਰੀ ਵੀ ਸਾਹਮਣੇ ਆਈ ਹੈ। ਐਤਵਾਰ ਨੂੰ ਬ੍ਰਿਟੇਨ ਦੀਆਂ ਹਥਿਆਰਬੰਦ ਬਲਾਂ ਨੇ ਬ੍ਰਿਟਿਸ਼ ਡਿਪਲੋਮੈਟਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਦੇਸ਼ ਤੋਂ ਬਾਹਰ ਕੱਢਿਆ। ਸਫਲ ਆਪ੍ਰੇਸ਼ਨ ਬਾਰੇ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੇ ਦੋਵਾਂ ਧਿਰਾਂ ਨੂੰ ਹਥਿਆਰ ਸੁੱਟਣ ਅਤੇ ਤੁਰੰਤ ਮਨੁੱਖੀ ਜੰਗਬੰਦੀ ਲਾਗੂ ਕਰਨ ਲਈ ਕਿਹਾ।



ਇਸ ਤੋਂ ਪਹਿਲਾਂ, ਰੈਪਿਡ ਸਪੋਰਟ ਫੋਰਸਿਜ਼ ਨੇ ਅਮਰੀਕੀ ਸੈਨਿਕਾਂ ਨਾਲ ਮਿਲ ਕੇ ਵਾਸ਼ਿੰਗਟਨ ਸਥਿਤ ਦੂਤਾਵਾਸ ਨੂੰ ਖਾਲੀ ਕਰਵਾਇਆ ਸੀ। ਸ਼ਨੀਵਾਰ ਨੂੰ ਵੀ, ਸੂਡਾਨ ਦੀ ਫੌਜ ਨੇ ਚੀਨ ਅਤੇ ਫਰਾਂਸ ਦੇ ਡਿਪਲੋਮੈਟਾਂ ਨੂੰ ਫੌਜੀ ਜਹਾਜ਼ ਰਾਹੀਂ ਦੇਸ਼ ਤੋਂ ਬਾਹਰ ਕੱਢਣ ਵਿੱਚ ਮਦਦ ਕੀਤੀ। ਉਸੇ ਦਿਨ, ਸਾਊਦੀ ਵਿਦੇਸ਼ ਮੰਤਰਾਲੇ ਨੇ ਦੱਸਿਆ ਕਿ ਭਾਰਤ, ਕੁਵੈਤ, ਪਾਕਿਸਤਾਨ, ਕਤਰ, ਮਿਸਰ, ਸੰਯੁਕਤ ਅਰਬ ਅਮੀਰਾਤ, ਟਿਊਨੀਸ਼ੀਆ, ਬੰਗਲਾਦੇਸ਼, ਬੁਲਗਾਰੀਆ, ਕੈਨੇਡਾ, ਫਿਲੀਪੀਨਜ਼ ਅਤੇ ਬੁਰਕੀਨਾ ਫਾਸੋ ਦੇ ਨਾਗਰਿਕਾਂ ਦੇ ਨਾਲ ਉਸਦੇ 91 ਨਾਗਰਿਕਾਂ ਨੂੰ ਬਾਹਰ ਕੱਢਿਆ ਗਿਆ ਹੈ। ।

ਦੇਸ਼ 'ਚ ਹਿੰਸਾ, ਤਣਾਅ ਅਤੇ ਅਸੁਰੱਖਿਅਤ ਹਵਾਈ ਅੱਡਿਆਂ ਕਾਰਨ ਵਿਦੇਸ਼ੀ ਨਾਗਰਿਕਾਂ ਨੂੰ ਕੱਢਣਾ ਮੁਸ਼ਕਿਲ ਹੋ ਰਿਹਾ ਹੈ। ਇਸ ਦੌਰਾਨ, ਨੀਮ ਫੌਜੀ ਰੈਪਿਡ ਸਪੋਰਟ ਫੋਰਸਿਜ਼ (ਆਰਐਸਐਫ) ਰਾਜਧਾਨੀ ਖਾਰਟੋਮ ਦੇ ਮੁੱਖ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਫਸੇ ਹੋਏ ਵਿਦੇਸ਼ੀ ਨਾਗਰਿਕਾਂ ਵਿੱਚ ਲਗਭਗ 3,000 ਭਾਰਤੀ ਸ਼ਾਮਲ ਹਨ। ਇਸ ਦੇ ਨਾਲ ਹੀ ਕੇਰਲ ਦੇ ਰਹਿਣ ਵਾਲੇ 48 ਸਾਲਾ ਅਲਬਰਟ ਅਗਸਟੀਨ ਦੀ ਗੋਲੀ ਲੱਗਣ ਕਾਰਨ ਮੌਤ ਹੋ ਗਈ ਹੈ।























# ਅੱਜ ਦੇਸ਼ ਦੀ ਹਾਲਤ ਚਿੰਤਾ ਵਾਲੀ, ਅਗਲੇ ਸਾਲ ਤੱਕ ਚਿੰਤਾ ਛੱਡ ਦੇਣ ਵਾਲੀ ਜਾਪਣ ਲੱਗੇਗੀ !

ਇੱਕ 'ਰਾਜ' ਦੇ ਤੌਰ ਉੱਤੇ ਭਾਰਤ ਦੇਸ਼ ਦੀ ਹਾਲਤ ਚਿੰਤਾ ਵਾਲੀ ਹੈ। ਮੈਂ ਇਸ ਦੀ ਚਿੰਤਾ ਕਰਨੀ ਛੱਡ ਦੇਣ ਲਈ ਕਈ ਵਾਰ ਸੋਚਿਆ ਹੈ, ਪਰ ਛੱਡਣ ਦਾ ਫੈਸਲਾ ਹਾਲੇ ਤੱਕ ਨਹੀਂ ਕਰ ਸਕਿਆ, ਉਂਜ ਮੇਰਾ ਖਿਆਲ ਹੈ ਕਿ ਅਗਲੇ ਸਾਲ ਹੋਣ ਵਾਲੀਆਂ ਪਾਰਲੀਮੈਂਟ ਚੋਣਾਂ ਪਿੱਛੋਂ ਬਹੁਤ ਸਾਰੇ ਲੋਕ ਇਸ ਦੇਸ਼ ਦੀ ਇੱਕ 'ਰਾਜ' ਵਜੋਂ ਚਿੰਤਾ ਕਰਨੀ ਛੱਡਣ ਲਈ ਓਦਾਂ ਹੀ ਸੋਚਣ ਲੱਗਣਗੇ, ਜਿੱਦਾਂ ਅੱਜਕੱਲ੍ਹ ਮੈਨੂੰ ਸੋਚਣਾ ਪੈ ਰਿਹਾ ਹੈ। ਚਿੰਤਾ ਕੀਤੀ ਦਾ ਫਾਇਦਾ ਓਦੋਂ ਹੈ, ਜਦੋਂ ਸੁਧਾਰ ਹੋ ਸਕਣ ਦੀ ਕੁਝ ਗੁੰਜਾਇਸ਼ ਦਿੱਸਦੀ ਹੋਵੇ, ਪਰ ਜੇ 'ਮਰਜ਼ ਬੜ੍ਹਤਾ ਗਿਆ, ਜਿਉਂ ਜਿਉਂ ਦਵਾ ਕੀ' ਵਾਲੀ ਹਾਲਤ ਬਣੀ ਦਿੱਸਦੀ ਹੋਵੇ ਤਾਂ ਕੋਈ ਵੀ ਨਾਗਰਿਕ ਚਿੰਤਾ ਕਰਨ ਨੂੰ ਬੇਲੋੜਾ ਕਹਿ ਸਕਦਾ ਹੈ। ਭਾਰਤ ਦੇਸ਼ ਜਿੱਦਾਂ ਦੇ ਹਾਲਾਤ ਤੋਂ ਲੰਘ ਰਿਹਾ ਹੈ ਤੇ ਜਿਹੜੇ ਪਾਸੇ ਨੂੰ ਵਧ ਰਿਹਾ ਦਿੱਸਦਾ ਹੈ, ਉਸ ਵਿੱਚ ਬਿਮਾਰੀ ਤਾਂ ਵਧਦੀ ਸਾਫ ਦਿੱਸਦੀ ਹੈ, ਇਲਾਜ ਦੇ ਨਾਂਅ ਉੱਤੇ ਸੁਧਾਰਕਰਨ ਦੀ ਥਾਂ ਵਿਗਾੜ ਪਾਉਣ ਦਾ ਕੰਮ ਕੀਤਾ ਜਾ ਰਿਹਾ ਨਜ਼ਰ ਪੈਂਦਾ ਹੈ। ਆਮ ਆਦਮੀ ਵੋਟਾਂ ਵੇਲੇ ਬੂਥ ਉੱਤੇ ਖੜਾ ਹੋਣ ਤੋਂ ਵੱਧ ਕਿਸੇ ਭੂਮਿਕਾ ਦੇ ਲਾਇਕ ਨਹੀਂ ਰਹਿਣ ਦਿੱਤਾ ਗਿਆ ਅਤੇ ਚੋਣ ਮੌਕੇ ਉਮੀਦਵਾਰ ਵਜੋਂ ਜਿਹੜੇ ਲੋਕ ਖੜੇ ਕੀਤੇ ਜਾਂਦੇ ਹਨ, ਉਨ੍ਹਾਂ ਵਿੱਚੋਂ ਬਹੁਤਿਆ ਵਾਸਤੇ ਜਿੱਤ ਦਾ ਅਰਥ ਸੱਤਾ ਦੇ ਸੁਖ ਮਾਣਨ ਤੱਕ ਸੀਮਤ ਹੈ।ਦੇਸ਼ ਦੀ ਹਾਲਤ ਵਿੱਚ ਵਿਗਾੜ ਅੱਜ ਪੈਣਾ ਸ਼ੁਰੂ ਨਹੀਂ ਹੋਇਆ, ਚਿਰੋਕਣਾ ਪੈਂਦਾ ਰਿਹਾ ਹੈ ਤੇ ਦੇਸ਼ ਦੀ ਕੋਈ ਰਾਜਸੀਧਿਰ ਵੀ ਇਹੋ ਜਿਹੀ ਨਹੀਂ ਰਹੀ, ਜਿਸ ਤੋਂ ਕਿਸੇ ਤਰ੍ਹਾਂ ਦੀ ਕੋਈ ਭਵਿੱਖ ਦੀ ਆਸ ਝਲਕਦੀ ਹੋਵੇ।

ਲੋਕਤੰਤਰੀ ਰਿਵਾਇਤਾਂ ਨੂੰ ਢਾਹ ਲੱਗਣ ਦਾ ਕੰਮ ਬੇਸ਼ੱਕ ਬਾਅਦ ਵਿੱਚ ਸ਼ੁਰੂ ਹੋਇਆ ਸੀ, ਅਸੂਲਾਂ ਨੂੰ ਛੱਡਣ ਤੇ ਧਰਮ (ਯਾਨੀ ਫਰਜ਼) ਤੋਂ ਧੜੇ ਨੂੰ ਮੁੱਖ ਰੱਖਣ ਵਾਲੇ ਲੱਠ-ਮਾਰ ਇਸ ਤੋਂ ਚੋਖਾ ਪਹਿਲਾਂ ਰਾਜਨੀਤੀ ਦੀ ਮੋਹਰੀ ਪਾਲਮੱਲ ਬੈਠੇ ਸਨ। ਉਸ ਪਿੱਛੋਂ ਵੀ ਚੋਖਾ ਚਿਰ ਚੁਣੇ ਹੋਏ ਅਦਾਰਿਆਂ ਅੰਦਰ ਕੁਝ ਕੁ ਭਰਮ-ਭਾਅ ਰੱਖਿਆ ਜਾਂਦਾ ਰਿਹਾ ਸੀ, ਪਰ ਇੰਦਰਾ ਗਾਂਧੀ ਦੇ ਵਕਤ ਇਸ ਨੂੰ ਵੀ ਢਾਹ ਲੱਗਣ ਲੱਗ ਪਈ ਸੀ। ਫਿਰਮੋਰਾਰਜੀ ਡਿਸਾਈ ਤੇ ਚੌਧਰੀ ਚਰਨ ਸਿੰਘ ਦੀ ਪ੍ਰਧਾਨ ਮੰਤਰੀ ਬਣਨ ਵਾਸਤੇ ਖਿੱਚੋਤਾਣ ਨੇ ਭਾਰਤ ਦੇ ਲੋਕਾਂ ਵੱਲੋਂ ਚੁਣੇ ਹੋਏ ਪਾਰਲੀਮੈਂਟ ਮੈਂਬਰ ਦਿੱਲੀ ਦੀ ਮੰਡੀ ਵਿੱਚ ਇਸ ਤਰ੍ਹਾਂ ਵਿਕਣ ਲਾ ਦਿੱਤੇ ਕਿ ਉਨ੍ਹਾਂ ਦੀ ਹਾਲਤ 'ਮੰਡੀ ਵਿੱਚ ਵਿਕਦੇ ਕੱਟਿਆਂ-ਵੱਛਿਆਂ' ਵਰਗੀ ਕਰ ਦਿੱਤੀ ਸੀ। ਇਸ ਪਿੱਛੋਂ ਨਰਸਿਮਹਾ ਰਾਓ ਦੇ ਰਾਜ ਦੌਰਾਨ ਭਰੋਸੇ ਦਾ ਵੋਟ ਲੈਣ ਲਈ ਜਦੋਂ ਝਾਰਖੰਡ ਮੁਕਤੀ ਮੋਰਚਾ ਦੇ ਚਾਰ ਮੈਂਬਰਾਂ ਨੂੰ ਇੱਕ-ਇੱਕ ਕਰੋੜ ਰੁਪਏ ਵਿੱਚ ਖਰੀਦਿਆ ਜਾਣਾ ਸਾਬਤ ਹੋਇਆ ਤਾਂ ਲੋਕਤੰਤਰ ਉਸ ਨੀਵਾਣ ਵੱਲ ਰਿੜ੍ਹਨ ਲੱਗ ਪਿਆ ਸੀ, ਜਿਸ ਤੋਂ ਕਦੀ ਵਾਪਸ ਨਹੀਂ ਮੁੜ ਸਕਿਆ।



ਜਤਿੰਦਰ ਪੰਨੂ

ਇੱਕ ਮੌਕੇ ਗਿਆਰਾਂਪਾਰਲੀਮੈਂਟ ਮੈਂਬਰਕਾਰਪੋਰੇਟ ਘਰਾਣਿਆਂ ਨਾਲ ਸੌਦੇ ਮਾਰ ਕੇ ਹਾਊਸ ਵਿੱਚ ਸਵਾਲ ਪੁੱਛਣ ਬਦਲੇ ਅਗੇਤੇ ਰਕਮਾਂ ਲੈਂਦੇ ਵੀ ਦੇਸ਼ ਦੇ ਲੋਕਾਂ ਨੇ ਆਪਣੀਆਂ ਅੱਖਾਂ ਨਾਲ ਟੀ ਵੀ ਸਕਰੀਨਾਂ ਉੱਤੇ ਵੇਖ ਲਏ ਸਨ। ਇਨ੍ਹਾਂ ਬੇਸ਼ਰਮਾਂ ਵਿੱਚੋਂ ਛੇ ਜਣੇ ਲੋਕ ਸਭਾ ਮੈਂਬਰ ਅਤੇ ਪੰਜ ਰਾਜ ਸਭਾ ਵਾਲੇ ਸਨ। ਲੋਕ ਸਭਾ ਦੇ ਛੇ ਦੋਸ਼ੀ ਮੈਂਬਰ ਤਾਂ ਸਰਬ ਸੰਮਤੀ ਨਾਲ ਮਤਾ ਪਾਸ ਕਰ ਕੇ ਕੱਢ ਦਿੱਤੇ ਗਏ, ਪਰ ਰਾਜ ਸਭਾ ਵਾਲੇ ਪੰਜਾਂ ਨੂੰ ਕੱਢਣ ਤੋਂ ਪਹਿਲਾਂ ਉਨ੍ਹਾਂ ਦੇ ਹੱਕ ਵਿੱਚ ਕਈ ਹੋਰ ਉੱਠ ਖੜੋਤੇ ਤੇ ਉਨ੍ਹਾਂ ਵਿਰੁੱਧ ਕੋਈ ਕਾਰਵਾਈ ਨਹੀਂ ਸੀ ਕੀਤੀ ਜਾ ਸਕੀ। ਫਿਰ ਪਾਰਲੀਮੈਂਟ ਦਾ ਇੱਕ ਮੈਂਬਰ ਕਿਸੇ ਬੇਗਾਨੀ ਔਰਤ ਅਤੇ ਬੇਗਾਨੇ ਬੱਚੇ ਨੂੰ ਆਪਣੇ ਪਰਵਾਰਕ ਜੀਅ ਬਣਾ ਕੇ ਕੈਨੇਡਾ ਛੱਡਣ ਜਾਂਦਾ ਦਿੱਲੀ ਏਅਰਪੋਰਟ ਉੱਤੇ ਫੜਿਆ ਗਿਆ ਸੀ ਅਤੇ ਉਸ ਨੂੰ ਵੀ ਇਸ ਕਾਰਨ ਦੇਸ਼ ਦੀ ਪਾਰਲੀਮੈਂਟ ਵਿੱਚ ਮਤਾ ਪਾਸ ਕਰ ਕੇ ਕੱਢਣਾ ਪਿਆ ਸੀ, ਪਰ ਸੁਧਾਰ ਤਾਂ ਇਸ ਨਾਲ ਵੀ ਕੋਈ ਨਹੀਂ ਸੀ ਹੋਇਆ।

ਸੁਧਾਰ ਕੋਈ ਹੋਵੇਗਾ ਵੀ ਕਿੱਦਾਂ, ਇਸ ਦੇਸ਼ ਵਿੱਚ ਬੰਦਾ ਆਪਣੇ ਗੁਨਾਹਾਂ ਨੂੰ ਧਰਮ ਦੀ ਪੁੱਠ ਚਾੜ੍ਹਨ ਦੇ ਸਮਰੱਥ ਹੋਣਾ ਚਾਹੀਦਾ ਹੈ, ਉਸ ਦੇ ਸਾਰੇ ਐਬ ਢੱਕੇ ਜਾਣ ਦਾ ਰਾਹ ਨਿਕਲ ਆਉਂਦਾ ਹੈ। ਇਸ ਮਹੀਨੇ ਗੁਜਰਾਤ ਦੀ ਅਦਾਲਤ ਨੇ ਰਾਹੁਲ ਗਾਂਧੀ ਕੇਸ ਵਿੱਚ ਜਿੱਦਾਂ ਦਾ ਫੈਸਲਾ ਦਿੱਤਾ ਹੈ, ਉਹ ਵੀ ਬਹੁਤ ਸਾਰੇ ਲੋਕਾਂ ਨੂੰ ਠੀਕ ਨਹੀਂ ਲੱਗਾ ਅਤੇ ਇਸ ਪਿੱਛੋਂ ਜਿੱਦਾਂ ਗੁਜਰਾਤ ਦੇ ਦੰਗਿਆਂ ਵੇਲੇ ਹੋਏ ਨਰੋਦਾ ਗਾਮ ਕਤਲ ਕਾਂਡ ਦੇ ਦੋਸ਼ੀਆਂ ਨੂੰ ਬਰੀ ਕਰਨ ਦਾ ਹੁਕਮ ਆਇਆ, ਉਸ ਤੋਂ ਵੀ ਬਹੁਤ ਸਾਰੇ ਲੋਕਾਂ ਨੂੰ ਬੁਰਾ ਲੱਗਾ ਸੀ, ਪਰ ਉਨ੍ਹਾਂ ਨੂੰ ਹੈਰਾਨ ਨਹੀਂ ਹੋਣਾ ਚਾਹੀਦਾ। ਜਿਸ ਮੁਲਕ ਵਿੱਚ ਰਹਿਣਾ ਹੈ, ਜੇ ਉਸ ਦੀ ਸਰਕਾਰ ਪੱਕੀ ਬਹੁ-ਸੰਮਤੀ ਦੀ ਨੀਂਹ ਉੱਤੇ ਖੜੀ ਹੋਵੇ ਤਾਂ ਦੇਸ਼ ਦੀ ਸੁਪਰੀਮ ਕੋਰਟ ਭਾਵੇਂ ਕੁਝ ਮਾਮਲਿਆਂ ਵਿੱਚ ਨਿਆਂ ਦੀ ਪਹਿਰੇਦਾਰੀ ਕਰ ਸਕਦੀ ਹੈ, ਬਾਕੀ ਗੱਲਾਂ ਵਿੱਚ ਸੱਤਾ ਦਾ ਪ੍ਰਛਾਵਾਂ ਪੈਣ ਬਾਰੇ ਲੋਕਾਂ ਨੂੰ ਅਗੇਤੇ ਅੰਦਾਜ਼ੇ ਹੋਣ ਲੱਗ ਜਾਂਦੇ ਹਨ। ਬਾਅਦ ਵਿੱਚ ਬਹੁਤੀ ਵਾਰ ਉਹ ਅਗੇਤੇ ਅਨੁਮਾਨ ਹੀ ਸੱਚ ਨਿਕਲਦੇ ਹਨ।

ਹੈਰਾਨੀ ਤਾਂ ਭਾਰਤ ਦੇ ਲੋਕਾਂ ਨੂੰ ਓਦੋਂ ਵੀ ਨਹੀਂ ਹੁੰਦੀ, ਜਦੋਂ ਉਨ੍ਹਾਂ ਦੇ ਆਗੂ ਦੂਸਰਿਆਂ ਨੂੰ ਜਿਹੜੇ ਉਪਦੇਸ਼ ਦੇਂਦੇ ਹਨ, ਉਨ੍ਹਾਂ ਗੱਲਾਂ ਦੀ ਉਲੰਘਣਾ ਕਰਨ ਵਿੱਚ ਉਨ੍ਹਾਂ ਨੂੰ ਖੁਦ ਜਾਂ ਉਨ੍ਹਾਂ ਨਾਲ ਜੁੜੇ ਲੋਕਾਂ ਨੂੰ ਝਿਜਕਣ ਦੀ ਲੋੜਮਹਿਸੂਸ ਨਹੀਂ ਹੁੰਦੀ। ਉਹ ਆਮ ਲੋਕਾਂ ਅਤੇ ਸਰਕਾਰ ਦੇ ਫੈਸਲੇ ਲੋਕਾਂ ਤੱਕ ਪੁਚਾਉਣ ਵਾਲੀ ਅਫਸਰਸ਼ਾਹੀ ਨੂੰ ਉਪਦੇਸ਼ ਵੰਡਦੇ ਹਨ ਕਿ ਸਾਰਾ ਪ੍ਰਬੰਧ ਪਾਰਦਰਸ਼ੀ ਹੋਣਾ ਚਾਹੀਦਾ ਹੈ, ਲੋਕਾਂ ਦੀ ਮਿਹਨਤ ਦੀ ਕਮਾਈ ਵਿੱਚੋਂ ਆਇਆ ਟੈਕਸਾਂ ਦਾ ਪੈਸਾ ਕਿਸੇ ਵਿਅਕਤੀ ਜਾਂ ਉਸ ਦੀ ਪਾਰਟੀ ਦੇ ਹਿੱਤਾਂ ਲਈ ਕਦੇ ਨਹੀਂ ਵਰਤਣਾ ਚਾਹੀਦਾ, ਪਰ ਅਮਲ ਵਿੱਚ ਏਹੋ ਕੰਮ ਸਭ ਤੋਂ ਪਹਿਲਾਂ ਉਪਦੇਸ਼ ਦੇਣ ਵਾਲਿਆਂ ਦੀ ਸਰਪ੍ਰਸਤੀ ਹੇਠਲੀ ਟੀਮ ਖੁਦ ਕਰਦੀ ਹੈ। ਦੇਸ਼ ਦੇ ਲੋਕਤੰਤਰ ਦੇ ਜਿਹੜੇ ਕੁਝ ਹਿੱਸੇ ਹਾਲੇ ਤੱਕ ਗਿਰਾਵਟ ਦੀ ਮਾਰ ਹੇਠ ਨਹੀਂ ਆਏ, ਆਸ ਸੀ ਕਿ ਸੱਤਾ ਦੀ ਸਿਖਰ ਵਾਲੇ ਲੋਕ ਪ੍ਰਤੀਨਿਧ ਇਨ੍ਹਾਂ ਹਿੱਸਿਆਂ ਦਾ ਵਿਗਾੜ ਰੋਕਣ ਲਈ ਪਹਿਰੇਦਾਰ ਬਣ ਸਕਦੇ ਹਨ, ਪਰ ਜੇ ਉਹੀ ਇਨ੍ਹਾਂ ਨੂੰ ਪ੍ਰਭਾਵਤ ਕਰਨ ਦੇ ਰਾਹ ਪੈ ਜਾਣ ਤਾਂ ਬਚਾਅ ਦੀ ਆਸ ਨਹੀਂ ਰਹਿੰਦੀ। ਦੇਸ਼ ਦੀ ਹਰ ਸ਼ਾਖ ਉੱਤੇ ਜਦੋਂ ਸੱਤਾ ਦੀ ਸੁਰ ਅਲਾਪਣ ਵਾਲੇ ਭਾਰੂ ਹੋਣ ਲੱਗ ਪਏ ਅਤੇ ਹੇਠਲੇ ਪੱਧਰ ਦੀ ਨਿਆਂ ਪਾਲਿਕਾ ਵੀ ਇਸ ਦੀ ਲਾਗ ਹੇਠ ਆ ਗਈ ਤਾਂ ਸੁਪਰੀਮ ਕੋਰਟ ਅਜੇ ਕਾਫੀ ਹੱਦ ਤੱਕ ਇਸ ਪ੍ਰਭਾਵ ਤੋਂ ਬਚੀ ਜਾਪਦੀ ਸੀ। ਪਿਛਲੇ ਕੁਝ ਸਮੇਂ ਤੋਂ ਦੇਸ਼ ਦਾ ਕਾਨੂੰਨ ਮੰਤਰੀ ਇਸ ਸਿਖਰਲੀ ਅਦਾਲਤ ਦੇ ਖਿਲਾਫ ਵੀ ਜਿਹੋ ਜਿਹੀ ਸ਼ਬਦਾਵਲੀ ਦੀ ਵਰਤੋਂ ਕਰਦਾ ਲੋਕਾਂ ਨੇ ਵੇਖਿਆ ਸੀ, ਉਸ ਨੂੰ ਹੱਦਾਂ ਵਿੱਚ ਰਹਿਣ ਨੂੰ ਕਹਿਣ ਦੀ ਬਜਾਏ ਦੇਸ਼ ਦਾ ਉੱਪ ਰਾਸ਼ਟਰਪਤੀ ਅਤੇ ਕੁਝ ਹੋਰ ਲੋਕ ਵੀ ਉਹੋ ਜਿਹੀ ਸ਼ਬਦਾਵਲੀ ਵਰਤਣ ਲੱਗੇ ਹਨ ਤਾਂ ਇਸ ਖੇਤਰ ਵਿੱਚ ਵੀ ਨਿਆਂ ਦੀ ਆਜ਼ਾਦ ਪਹਿਰੇਦਾਰੀ ਦੀ ਆਸ ਧੁੰਦਲੀ ਜਿਹੀ ਹੋਣ ਲੱਗ ਪਈ ਹੈ। ਲੋਕਤੰਤਰ ਫਿਰ ਵੀ 'ਚੱਲੀ ਜਾਂਦਾ' ਹੈ।

ਜਦੋਂ ਏਨਾ ਕੁਝ ਹੋਣ ਪਿੱਛੋਂ ਵੀ ਲੋਕਤੰਤਰ 'ਚੱਲੀ ਜਾਂਦਾ' ਦਿੱਸਦਾ ਹੈ, ਇਸ ਦਾ ਭਵਿੱਖ ਕਿਸ ਤਰ੍ਹਾਂ ਦਾ ਹੋਵੇਗਾ, ਇਸ ਦਾ ਅੰਦਾਜ਼ਾ ਲਾਇਆ ਜਾ ਸਕਦਾ ਹੈ। ਜਿਸ ਵੱਡੇ ਭ੍ਰਿਸ਼ਟਾਚਾਰੀ ਨੂੰ ਅੱਜ ਭੰਡਿਆ ਜਾਂਦਾ ਹੈ, ਭਲਕੇ ਉਹਸੱਤਾ ਦੇ ਸਿਖਰ ਦੀ ਖਿਦਮਤਗਾਰੀ ਕਰਨ ਨੂੰ ਤਿਆਰ ਹੋ ਜਾਵੇ ਤਾਂ ਉਸ ਵੱਲ ਉਂਗਲ ਵੀ ਚੁੱਕਣੀ ਗਲਤ ਕਹੀ ਜਾਂਦੀ ਹੈ ਅਤੇ ਉਹ ਉਲਟਾ ਬਚੇ-ਖੁਚੇ ਈਮਾਨਦਾਰਾਂ ਨੂੰ 'ਈਮਾਨ' ਦਾ ਸਬਕ ਪੜ੍ਹਾਉਣ ਲੱਗ ਜਾਂਦਾ ਹੈ। ਇਸ ਵੇਲੇ ਦੇ ਅੱਧੇ ਦੇ ਕਰੀਬ ਰਾਜਾਂ ਦੇ ਮੁੱਖ ਮੰਤਰੀ ਈਮਾਨਦਾਰੀ ਦੀ ਏਸੇ ਵਰਾਇਟੀ ਵਾਲੇ ਹਨ ਤੇ ਉਨ੍ਹਾਂ ਦੀ ਵੇਖੋ-ਵੇਖੀ ਬਹੁਤ ਸਾਰੇ ਹੋਰ ਵੀ ਓਸੇ ਵਹਿਣ ਵਿੱਚ ਵਗਦੇ ਤੇ 'ਭਵਿੱਖ ਦੇ ਵਿਸ਼ਵ ਗੁਰੂ' ਭਾਰਤ ਦੀ ਮਾਲਾ ਫੇਰਨ ਲਈ ਤਿਆਰ ਹੁੰਦੇ ਸੁਣੇ ਜਾਂਦੇ ਹਨ। ਕਨਸੋਆਂ ਮਿਲ ਰਹੀਆਂ ਹਨ ਕਿ ਅਜੇ ਤੱਕ ਸਿਖਰਲੀ ਸੱਤਾ ਨਾਲ ਆਢਾ ਲੈਣ ਵਾਲੇ ਏਨੇ ਕੁ ਸੱਜਣ ਅਗਲੇ ਸਾਲ ਪਾਰਲੀਮੈਂਟ ਚੋਣਾਂ ਤੋਂ ਪਹਿਲਾਂ ਸੱਤਾ ਨਾਲ ਜਾ ਜੁੜਨਗੇ, ਜਾਂ ਜੁੜਨ ਲਈ ਮਜਬੂਰ ਕਰ ਦਿੱਤੇ ਜਾਣਗੇ ਕਿ ਉਨ੍ਹਾਂ ਚੋਣਾਂ ਪਿੱਛੋਂ ਦੇਸ਼ ਦੀ ਸਿਖਰਲੀ ਸੱਤਾ ਦਾ ਵਿਰੋਧ ਕਰਨ ਵਾਲੇ ਗਿਣੇ-ਚੁਣੇ ਰਹਿ ਜਾਣਗੇ ਤੇ ਓਦੋਂ ਨਗਾਰਖਾਨੇ ਵਿੱਚ ਤੂਤੀ ਦੀ ਆਵਾਜ਼ ਵੀ ਸੁਣਾਈ ਨਹੀਂ ਦੇਵੇਗੀ। ਉਹ ਹਾਲਤ ਚਿੰਤਾ ਕਰਨ ਦੀ ਥਾਂ ਚਿੰਤਾ ਛੱਡ ਦੇਣ ਵਾਲੀ ਬਣ ਜਾਵਗੀ।ਅੱਜ ਜਿੰਨੀਆਂਆਵਾਜ਼ਾਂ ਉੱਠ ਰਹੀਆਂ ਹਨ, ਪਰ ਉਨ੍ਹਾਂ ਵੱਲੋਂ ਕਹੀ ਹਰ ਗੱਲ ਨਜ਼ਰ ਅੰਦਾਜ਼ ਹੁੰਦੀ ਹੈ, ਅਗਲੇ ਸਾਲ ਨਜ਼ਰ ਅੰਦਾਜ਼ ਕਰਨ ਦੀ ਥਾਂ ਉਨ੍ਹਾਂ ਨੂੰ ਬੇ-ਆਵਾਜ਼ ਕਰਨ ਦਾ ਕੰਮ ਵੀ ਸ਼ੁਰੂ ਹੋ ਸਕਦਾ ਹੈ। ਜਿਨ੍ਹਾਂ ਲੋਕਾਂ ਨੂੰ ਇੱਕ 'ਰਾਜ' ਵਜੋਂ ਅੱਜ ਭਾਰਤ ਦੀ ਕੋਈ ਚਿੰਤਾ ਜਿਹੀ ਨਹੀਂ ਜਾਪਦੀ, ਜਦੋਂ ਉਨ੍ਹਾਂ ਨੂੰ ਚਿੰਤਾ ਕਰਨ ਦੀ ਲੋੜ ਮਹਿਸੂਸ ਹੋਵੇਗੀ, ਓਦੋਂ ਨੂੰ ਚਿੰਤਾ ਕਰਨ ਦਾ ਕੋਈ ਅਰਥ ਹੀ ਨਹੀਂ ਰਹਿ ਜਾਵੇਗਾ, ਪਾਣੀ ਸਿਰਾਂ ਉੱਤੋਂ ਲੰਘ ਚੁੱਕਾ ਹੋਵੇਗਾ। ਕੀ ਅਸੀਂ ਉਸ ਵਕਤ ਨੂੰ ਉਡੀਕ ਰਹੇ ਹਾਂ!

# ਔਰਤਾਂ ਦੀ ਰਾਜਨੀਤੀ ਵਿੱਚ ਅੜਿੱਕਾ ਬਣ ਰਿਹਾ ਸਰਪੰਚਪਤੀ



ਭਾਰਤ ਦੀ ਆਬਾਦੀ ਦਾ ਲਗਭਗ ਅੱਧਾ ਹਿੱਸਾ ਔਰਤਾਂ ਹਨ। ਔਰਤਾਂ ਨਾ ਸਿਰਫ਼ ਮਨੁੱਖੀ ਜਾਤੀ ਨੂੰ ਕਾਇਮ ਰੱਖਣ ਵਿੱਚ ਉਨ੍ਹਾਂ ਦੀ ਮਹੱਤਤਾ ਕਰਕੇ, ਸਗੋਂ ਸਮਾਜਿਕ-ਆਰਥਿਕ ਤਰੱਕੀ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਕਾਰਨ ਵੀ ਸਮਾਜਿਕ ਢਾਂਚੇ ਦਾ ਇੱਕ ਅਨਿੱਖੜਵਾਂ ਅੰਗ ਰਹੀਆਂ ਹਨ। ਇਸ ਦੇ ਬਾਵਜੂਦ, ਔਰਤਾਂ ਨੂੰ ਸਮਾਜਿਕ ਰਵੱਈਏ ਅਤੇ ਸਮਾਜਿਕ ਅਭਿਆਸਾਂ ਵਿੱਚ ਲਿੰਗ-ਪੱਖਪਾਤ ਕਾਰਨ ਵਿਤਕਰੇ ਦਾ ਸ਼ਿਕਾਰ ਹੋਣਾ ਪਿਆ ਹੈ, ਨਤੀਜੇ ਵਜੋਂ ਸਮਾਜਿਕ-ਆਰਥਿਕ ਅਤੇ ਰਾਜਨੀਤਿਕ ਖੇਤਰਾਂ ਵਿੱਚ ਸਥਿਤੀ ਅਤੇ ਮੌਕਿਆਂ ਦੀ ਬਰਾਬਰੀ ਤੋਂ ਇਨਕਾਰ ਕੀਤਾ ਗਿਆ ਹੈ।

ਅਪ੍ਰੈਲ 1993 ਵਿੱਚ, ਭਾਰਤ ਨੇ ਸੰਵਿਧਾਨ ਦੀ 73ਵੀਂ ਸੋਧ ਨੂੰ ਲਾਗੂ ਕਰਕੇ ਵਿਕਾਸ ਵੱਲ ਇੱਕ ਇਤਿਹਾਸਕ ਕਦਮ ਪੁੱਟਿਆ, ਜਿਸ ਵਿੱਚ ਪੰਚਾਇਤ ਰਾਜ ਸੰਸਥਾਵਾਂ ਵਿੱਚ ਆਬਾਦੀ ਦੇ ਕਮਜ਼ੋਰ ਵਰਗਾਂ ਲਈ ਰਾਖਵੇਂਕਰਨ ਦੀ ਵਿਵਸਥਾ ਕੀਤੀ ਗਈ ਸੀ। ਇਸ ਸੋਧ ਰਾਹੀਂ ਇਨ੍ਹਾਂ ਸੰਸਥਾਵਾਂ ਦੇ ਮੈਂਬਰ ਅਤੇ ਚੇਅਰਪਰਸਨ ਵਜੋਂ ਇੱਕ ਤਿਹਾਈ ਸੀਟਾਂ ਔਰਤਾਂ ਲਈ ਰਾਖਵੀਆਂ ਹਨ। 1995 ਤੱਕ, ਪੰਚਾਇਤਾਂ ਵਿੱਚ ਔਰਤਾਂ ਦੀ ਗਿਣਤੀ ਤੇਜ਼ੀ ਨਾਲ ਵਧੀ, ਕੇਰਲਾ ਅਤੇ ਮੱਧ ਪ੍ਰਦੇਸ਼ ਵਿੱਚ ਸਭ ਤੋਂ ਵੱਧ ਨੁਮਾਇੰਦਗੀ ਦੇ ਨਾਲ ਜਿੱਥੇ ਔਰਤਾਂ ਨੇ 38% ਸੀਟਾਂ ਭਰੀਆਂ (ਅਹਿਮਦ ਐਟ ਅਲ।, 2008)। 3 ਮਿਲੀਅਨ ਪ੍ਰਤੀਨਿਧੀਆਂ ਵਿੱਚੋਂ, 1।3 ਮਿਲੀਅਨ ਔਰਤਾਂ ਹਨ ਜੋ ਹੁਣ ਪੰਚਾਇਤਾਂ ਵਿੱਚ ਸਰਗਰਮੀ ਨਾਲ ਭਾਗ ਲੈ ਰਹੀਆਂ ਹਨ (ਭਟਨਾਗਰ, 2019)। ਵਰਤਮਾਨ ਵਿੱਚ, ਭਾਰਤ ਵਿੱਚ 20 ਰਾਜਾਂ ਨੇ ਆਪੋ-ਆਪਣੇ ਰਾਜ ਪੰਚਾਇਤੀ ਰਾਜ ਐਕਟਾਂ ਵਿੱਚ ਵਿਵਸਥਾਵਾਂ ਕੀਤੀਆਂ ਹਨ ਅਤੇ ਔਰਤਾਂ ਲਈ ਰਾਖਵੇਂਕਰਨ ਨੂੰ 50% ਤੱਕ ਵਧਾ ਦਿੱਤਾ ਹੈ। ਇਸ ਤੋਂ ਇਲਾਵਾ, ਓਡੀਸ਼ਾ ਵਰਗੇ ਰਾਜਾਂ ਨੇ ਇਹ ਲਾਜ਼ਮੀ ਕਰ ਦਿੱਤਾ ਹੈ ਕਿ ਜੇਕਰ ਕਿਸੇ ਪਿੰਡ ਵਿੱਚ ਚੇਅਰਮੈਨ ਇੱਕ ਮਰਦ ਹੈ, ਤਾਂ ਉਪ-ਚੇਅਰਮੈਨ ਇੱਕ ਔਰਤ ਹੋਣੀ ਚਾਹੀਦੀ ਹੈ (ਮੋਹੰਤੀ, 1995)। ਔਰਤਾਂ ਲਈ ਰਾਖਵੇਂਕਰਨ ਦੀਆਂ ਵਿਵਸਥਾਵਾਂ ਨੇ ਜ਼ਮੀਨੀ ਲੋਕਤੰਤਰ ਨੂੰ ਬਦਲ ਦਿੱਤਾ ਹੈ ਅਤੇ ਪੇਂਡੂ ਔਰਤਾਂ ਨੂੰ ਆਪਣੇ ਅਧਿਕਾਰਾਂ ਦੀ ਵਰਤੋਂ ਕਰਨ ਅਤੇ ਪਿੰਡ ਦੇ ਪ੍ਰਸ਼ਾਸਨ ਵਿੱਚ ਸ਼ਾਮਲ ਹੋਣ ਲਈ ਸ਼ਕਤੀ ਪ੍ਰਦਾਨ ਕੀਤੀ ਹੈ।

ਜ਼ਮੀਨੀ ਪੱਧਰ ਦੀ ਰਾਜਨੀਤੀ ਵਿੱਚ ਔਰਤਾਂ ਦੀ ਭਾਗੀਦਾਰੀ ਘੱਟ ਰਹੀ ਹੈ ਕਿਉਂਕਿ ਪਿਤਾ-ਪੁਰਖੀ ਮਾਨਸਿਕਤਾ ਕਿ ਔਰਤਾਂ ਘਰ ਦੀਆਂ ਹੁੰਦੀਆਂ ਹਨ, ਜਿੱਥੇ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਘਰ ਦੇ ਕੰਮਾਂ ਅਤੇ ਬੱਚਿਆਂ ਦੇ ਪਾਲਣ-ਪੋਸ਼ਣ ਤੱਕ ਸੀਮਤ ਹਨ। ਇਸ ਤਰ੍ਹਾਂ ਔਰਤਾਂ ਨਾਲ ਸਰਗਰਮੀ ਨਾਲ ਵਿਤਕਰਾ ਕੀਤਾ ਜਾਂਦਾ ਹੈ ਅਤੇ ਕਿਉਂਕਿ ਉਹਨਾਂ ਕੋਲ ਘਰੇਲੂ ਫੈਸਲੇ ਲੈਣ ਦੀਆਂ ਸ਼ਕਤੀਆਂ ਸੀਮਤ ਹੁੰਦੀਆਂ ਹਨ, ਇਸ ਲਈ ਇਹ ਮੰਨਣਾ ਗੈਰ-ਵਾਜਬ ਹੈ ਕਿ ਉਹਨਾਂ ਕੋਲ ਭਾਈਚਾਰੇ ਲਈ ਫੈਸਲੇ ਲੈਣ ਦੇ ਬਹੁਤ ਸਾਰੇ ਮੌਕੇ ਹਨ। 73ਵੀਂ ਸੋਧ ਨਾਲ ਬਦਲਾਅ ਦੀ ਨੀਂਹ ਰੱਖੀ ਗਈ ਹੈ, ਰਾਜਨੀਤਿਕ ਦ੍ਰਿਸ਼ ਬਦਲ ਗਿਆ ਹੈ ਅਤੇ ਔਰਤਾਂ ਵਧੇਰੇ ਸਰਗਰਮ ਹੋ ਰਹੀਆਂ ਹਨ। ਚੁਣੀਆਂ ਗਈਆਂ ਮਹਿਲਾ ਨੁਮਾਇੰਦਿਆਂ ਨੇ ਸਮਾਜ ਦੇ ਹਾਸ਼ੀਏ 'ਤੇ ਰਹਿ ਗਏ ਵਰਗਾਂ ਦੀ ਸਥਿਤੀ ਨੂੰ ਮਜ਼ਬੂਤ ਕਰਕੇ ਅਤੇ ਜਿਨ੍ਹਾਂ ਕੋਲ ਕੋਈ ਆਵਾਜ਼ ਨਹੀਂ ਹੈ, ਉਨ੍ਹਾਂ ਨੂੰ ਸ਼ਕਤੀ ਪ੍ਰਦਾਨ ਕਰਕੇ ਸਥਾਨਕ ਪ੍ਰਸ਼ਾਸਨ ਨੂੰ ਬਦਲਿਆ ਹੈ। ਇਸ ਤੋਂ ਇਲਾਵਾ, ਉਹ ਸਮਾਜ ਦੀਆਂ ਹੋਰ ਔਰਤਾਂ ਨੂੰ ਲਿੰਗਕ ਰੂੜ੍ਹੀਆਂ ਨੂੰ ਤੋੜਨ ਅਤੇ ਫੈਸਲੇ ਲੈਣ ਦੀ ਪ੍ਰਕਿਰਿਆ ਵਿਚ ਸ਼ਾਮਲ ਹੋਣ ਲਈ ਪ੍ਰੇਰਿਤ ਕਰਦੇ ਹਨ।

ਚੁਣੀਆਂ ਗਈਆਂ ਮਹਿਲਾ ਪ੍ਰਤੀਨਿਧੀਆਂ ਦੀ ਇੱਕ ਹੋਰ ਅਹਿਮ ਭੂਮਿਕਾ ਪੇਂਡੂ ਵਿਕਾਸ ਨੂੰ ਲਿਆਉਣਾ ਹੈ। ਉਹ ਵੱਖ-ਵੱਖ ਰਾਜਨੀਤਿਕ ਰੁਕਾਵਟਾਂ ਨੂੰ ਪਾਰ ਕਰਨ ਅਤੇ ਆਪਣੇ ਭਾਈਚਾਰਿਆਂ ਦੀ ਬਿਹਤਰੀ ਲਈ ਸਰਬੋਤਮ ਤਬਦੀਲੀ ਲਿਆਉਣ ਦੇ ਯੋਗ ਹੋਏ ਹਨ। ਔਰਤਾਂ ਪ੍ਰਭਾਵਸ਼ਾਲੀ ਨੇਤਾਵਾਂ ਵਜੋਂ ਜਾਣੀਆਂ ਜਾਂਦੀਆਂ ਹਨ ਅਤੇ ਆਪਣੇ ਰੋਜ਼ਾਨਾ ਫਰਜ਼ਾਂ ਅਤੇ ਪ੍ਰਸ਼ਾਸਨ ਵਿੱਚ ਪਾਰਦਰਸ਼ਤਾ ਅਤੇ ਕੁਸ਼ਲਤਾ ਲਿਆਉਂਦੀਆਂ ਹਨ। ਉਹ ਆਪਣੇ ਭਾਈਚਾਰੇ ਦੀਆਂ ਲੋੜਾਂ ਨੂੰ ਸਮਝਦੇ ਹਨ ਅਤੇ ਜਾਗਰੂਕਤਾ ਲਿਆਉਣ ਅਤੇ ਭਾਈਚਾਰੇ ਨੂੰ ਦਰਪੇਸ਼ ਮੁੱਦਿਆਂ ਨੂੰ ਹੱਲ ਕਰਨ ਲਈ ਚੰਗੀ ਤਰ੍ਹਾਂ ਕੰਮ ਕਰਦੇ ਹਨ। ਇਸ ਲਈ, ਬਹੁਤ ਸਾਰੇ ਮਾਮਲਿਆਂ ਵਿੱਚ, ਮਹਿਲਾ ਨੇਤਾਵਾਂ ਨੇ ਵਾਧੂ ਫੰਡਾਂ ਅਤੇ ਸਰੋਤਾਂ ਲਈ ਸਖ਼ਤ ਲਾਬਿੰਗ ਵਰਗੀਆਂ ਵੱਖ-ਵੱਖ ਰੁਕਾਵਟਾਂ ਨਾਲ ਨਜਿੱਠਣ ਦੇ ਬਾਵਜੂਦ, ਆਪਣੇ ਪੁਰਸ਼ ਪੂਰਵਜਾਂ ਨਾਲੋਂ ਪੇਂਡੂ ਵਿਕਾਸ ਨੂੰ ਤੇਜ਼ੀ ਨਾਲ ਚਲਾਇਆ। ਇਸ ਤੋਂ ਇਲਾਵਾ, ਔਰਤਾਂ ਨੂੰ ਜ਼ੁਲਮ ਅਤੇ ਵਿਤਕਰੇ ਤੋਂ ਮੁਕਤ ਸਮਾਜ ਦੀ ਸਿਰਜਣਾ ਕਰਨ ਲਈ ਬਾਲ ਵਿਆਹ, ਪਰਦਾ ਪ੍ਰਥਾ ਅਤੇ ਦਾਜ ਪ੍ਰਥਾ ਵਰਗੀਆਂ ਸਮਾਜਕ ਤੌਰ 'ਤੇ ਪਿਛਾਖੜੀ ਪ੍ਰਥਾਵਾਂ ਦੇ ਵਿਰੁੱਧ ਸਮਾਜਿਕ ਕ੍ਰਾਂਤੀ ਦਾ ਅਸਲ ਏਜੰਟ ਮੰਨਿਆ ਜਾਂਦਾ ਹੈ।

ਰਾਜਨੀਤਿਕ ਖੇਤਰ ਵਿੱਚ ਔਰਤਾਂ ਦੇ ਪ੍ਰਵੇਸ਼ ਨਾਲ, ਲੋਕਤੰਤਰ ਦਾ ਚਿਹਰਾ ਪ੍ਰਤੀਨਿਧ ਲੋਕਤੰਤਰ ਤੋਂ ਭਾਗੀਦਾਰੀ ਵਾਲੇ ਲੋਕਤੰਤਰ ਵਿੱਚ ਬਦਲ ਗਿਆ ਹੈ। ਪਿੰਡਾਂ ਵਿੱਚ ਔਰਤਾਂ ਦੀ ਅਗਵਾਈ ਵਾਲੀ ਭੂਮਿਕਾ ਨਿਭਾਉਣ ਦੇ ਨਾਲ, ਉਹ ਕਿਸੇ ਵੀ ਕਿਸਮ ਦੀ ਜਾਤ-ਆਧਾਰਿਤ ਜਾਂ ਲਿੰਗ ਹਿੰਸਾ ਵਿਰੁੱਧ ਕਾਰਵਾਈ ਕਰਨ ਲਈ ਜਾਣੀ ਜਾਂਦੀ ਹੈ। ਔਰਤਾਂ ਨੂੰ ਕਲਿਆਣਕਾਰੀ ਲਾਭਾਂ ਦੇ ਪ੍ਰਾਪਤਕਰਤਾਵਾਂ ਵਜੋਂ ਦੇਖਣ ਤੋਂ ਲੈ ਕੇ ਉਹਨਾਂ ਨੂੰ ਇਨਕਲਾਬ ਦੇ ਸਫਲ ਏਜੰਟਾਂ ਵਜੋਂ ਸ਼ਾਮਲ ਕਰਨ ਤੱਕ, ਔਰਤਾਂ ਦੇ ਸਸ਼ਕਤੀਕਰਨ 'ਤੇ ਬਹਿਸ ਅੱਗੇ ਵਧੀ ਹੈ। ਹਾਲਾਂਕਿ, ਨੇਤਾ ਹੋਣ ਦੇ ਬਾਵਜੂਦ, ਔਰਤਾਂ ਨੂੰ ਕਈ ਰੁਕਾਵਟਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਜੋ ਉਹਨਾਂ ਨੂੰ ਵਿਤਕਰੇ ਅਤੇ ਦੁਰਵਿਵਹਾਰ ਦਾ ਸ਼ਿਕਾਰ ਬਣਾਉਂਦੇ ਹਨ।

ਸਾਡੇ ਦੇਸ਼ ਵਿੱਚ ਪੰਚਾਇਤੀ ਰਾਜ ਸੰਸਥਾਵਾਂ ਦੀ ਸਥਾਪਨਾ ਇੱਕ ਔਰਤ ਨੂੰ ਇੱਕ ਵਧੀਆ ਪ੍ਰਸ਼ਾਸਕ, ਨਿਰਣਾਇਕ ਜਾਂ ਇੱਕ ਚੰਗੀ ਨੇਤਾ ਵਜੋਂ ਆਪਣੀ ਯੋਗਤਾ ਸਾਬਤ ਕਰਨ ਦਾ ਮੌਕਾ ਦਿੰਦੀ ਹੈ। 73ਵਾਂ ਸੰਵਿਧਾਨਕ ਸੋਧ ਐਕਟ, 1992 ਇਸ ਸਬੰਧ ਵਿੱਚ ਇੱਕ ਮੀਲ ਪੱਥਰ ਹੈ। ਇਸ ਨਾਲ ਔਰਤਾਂ ਨੂੰ ਅੱਗੇ ਆਉਣ ਦਾ ਮੌਕਾ ਮਿਲਦਾ ਹੈ। ਇਹ ਤਜਰਬਾ ਵੱਡੀ ਕਾਮਯਾਬੀ ਸਾਬਤ ਹੋ ਰਿਹਾ ਹੈ, ਖਾਸ ਤੌਰ 'ਤੇ ਔਰਤਾਂ ਨੂੰ ਘਰੋਂ ਬਾਹਰ ਨਿਕਲਣ ਅਤੇ ਪ੍ਰਸ਼ਾਸਨਿਕ ਅਤੇ ਸਿਆਸੀ ਖੇਤਰ 'ਚ ਹਿੱਸਾ ਲੈਣ ਦਾ ਮੌਕਾ ਦੇ ਕੇ। ਇਹ ਵਿਚਾਰਨਯੋਗ ਹੈ ਕਿ ਪੇਂਡੂ ਖੇਤਰਾਂ ਵਿੱਚ ਪੰਚਾਇਤੀ ਰਾਜ ਸੰਸਥਾਵਾਂ ਦੇ ਆਪਸੀ ਸਬੰਧਾਂ ਦੇ ਸ਼ੁਰੂਆਤੀ ਪੜਾਅ 'ਤੇ ਗ੍ਰਾਮ ਪੰਚਾਇਤ ਵਿੱਚ ਯੋਗ ਔਰਤਾਂ ਨੂੰ ਸ਼ਾਮਲ ਕਰਨਾ ਸਮਾਜਿਕ ਸਥਿਤੀ ਵਿੱਚ ਸੁਧਾਰ ਅਤੇ ਔਰਤਾਂ ਦੇ ਸਸ਼ਕਤੀਕਰਨ ਲਈ ਯੋਜਨਾਬੰਦੀ ਵਿੱਚ ਇੱਕ ਮਹੱਤਵਪੂਰਨ ਸਹਾਇਕ ਉਪਾਅ ਹੋਵੇਗਾ। ਔਰਤਾਂ ਸਾਡੇ ਦੇਸ਼ ਦੀ ਅੱਧੀ ਆਬਾਦੀ ਹੈ।

ਦੁਨੀਆ ਦੇ ਇੰਨੇ ਵੱਡੇ ਲੋਕਤੰਤਰ ਵਿੱਚ ਔਰਤਾਂ ਨੂੰ ਉਤਸ਼ਾਹਿਤ ਕਰਨਾ ਸਾਡਾ ਫਰਜ਼ ਹੈ। ਔਰਤਾਂ ਨੂੰ ਬਣਦਾ ਦਰਜਾ ਦਿਵਾਉਣ ਲਈ ਸਰਕਾਰੀ, ਗੈਰ-ਸਰਕਾਰੀ ਸੰਸਥਾਵਾਂ ਅਤੇ ਯੂਨੀਵਰਸਿਟੀਆਂ ਨੂੰ ਇਸ ਖੇਤਰ ਵਿੱਚ ਅਹਿਮ ਭੂਮਿਕਾ ਨਿਭਾਉਣੀ ਹੋਵੇਗੀ। ਔਰਤਾਂ ਦੇ ਇਸ ਸਮੂਹ ਨੂੰ, ਜੇਕਰ ਗ੍ਰਾਮ ਪੰਚਾਇਤ ਪੱਧਰ 'ਤੇ ਪ੍ਰਤੀਨਿਧਤਾ ਪ੍ਰਦਾਨ ਕੀਤੀ ਜਾਂਦੀ ਹੈ, ਤਾਂ ਉਹ ਮਜ਼ਬੂਤੀ ਨਾਲ ਉੱਠ ਸਕਦੇ ਹਨ ਅਤੇ ਔਰਤਾਂ ਦੀ ਬਿਹਤਰੀ ਨਾਲ ਸਬੰਧਤ ਮੁੱਦਿਆਂ ਨੂੰ ਸੰਭਾਲ ਸਕਦੇ ਹਨ, ਫੈਸਲੇ ਲੈਣ ਦੀ ਪ੍ਰਕਿਰਿਆ ਵਿੱਚ ਪ੍ਰਮੁੱਖ ਭੂਮਿਕਾ ਨਿਭਾ ਸਕਦੇ ਹਨ ਅਤੇ ਮੀਟਿੰਗ ਵਿੱਚ ਔਰਤਾਂ ਦੀ ਸਥਿਤੀ ਲਈ ਢੁਕਵੀਆਂ ਸਿਫ਼ਾਰਸ਼ਾਂ ਕਰ ਸਕਦੇ ਹਨ। ਸੁਧਾਰ ਲਈ। ਇਹ ਔਰਤਾਂ ਲਈ ਸੇਵਾਵਾਂ ਦੇ ਪ੍ਰਬੰਧ ਅਤੇ ਉਹਨਾਂ ਸਰੋਤਾਂ ਦੇ ਪ੍ਰਬੰਧਨ 'ਤੇ ਵਧੇਰੇ ਨਿਯੰਤਰਣ ਕਰਨ ਦੇ ਮੌਕੇ ਪੈਦਾ ਕਰਦਾ ਹੈ ਜਿਨ੍ਹਾਂ ਤੋਂ ਉਹ ਲਾਭ ਉਠਾਉਂਦੀਆਂ ਹਨ। ਸਥਾਨਕ ਰਾਜਨੀਤੀ ਵਿੱਚ ਮਰਦਾਂ ਨਾਲ ਮੁਕਾਬਲਾ ਕਰਨ ਵਾਲੀਆਂ ਔਰਤਾਂ ਦੀ ਇੱਕ ਚੰਗੀ ਗਿਣਤੀ, ਲਿੰਗ ਸਮਾਨਤਾ ਵੱਲ ਲਿੰਗ ਏਜੰਡੇ ਨੂੰ ਅੱਗੇ ਵਧਾਉਣ ਲਈ ਵੇਖੀ ਜਾਂਦੀ ਹੈ।

ਚੋਣ ਲੜਨ ਅਤੇ ਜਿੱਤਣ ਤੋਂ ਬਾਅਦ ਮਹਿਲਾ ਨੇਤਾਵਾਂ ਦੇ ਪਰਿਵਾਰਕ ਮੈਂਬਰਾਂ ਤੋਂ ਪ੍ਰਭਾਵਿਤ ਹੋਣ ਦੀ ਜ਼ਿਆਦਾ ਸੰਭਾਵਨਾ ਹੁੰਦੀ ਹੈ; ਜ਼ਿਆਦਾਤਰ ਕੰਮ ਪਰਿਵਾਰ ਦੇ ਮਰਦ ਮੈਂਬਰ ਹੀ ਸੰਭਾਲਦੇ ਹਨ। ਜਾਪਦਾ ਹੈ ਕਿ ਔਰਤਾਂ ਚੋਣ ਜਿੱਤ ਗਈਆਂ ਹਨ ਪਰ ਮਰਦ ਮੈਂਬਰਾਂ ਦੁਆਰਾ ਅਸਿੱਧੇ ਤੌਰ 'ਤੇ ਕੰਟਰੋਲ ਕੀਤਾ ਜਾ ਰਿਹਾ ਹੈ। ਪੁਰਸ਼ ਮੈਂਬਰਾਂ ਨੇ ਮਾਮਲੇ ਨੂੰ ਸੰਭਾਲਿਆ ਅਤੇ ਲੋਕਾਂ ਦੇ ਸਵਾਲਾਂ ਦੇ ਜਵਾਬ ਦਿੱਤੇ, ਜਦਕਿ ਔਰਤਾਂ ਆਪਣੇ ਘਰ ਦੇ ਕੰਮ ਕਰਦੀਆਂ ਰਹੀਆਂ। ਨੇਤਾ ਹੋਣ ਦੇ ਬਾਵਜੂਦ, ਔਰਤਾਂ ਨੂੰ ਬਹੁਤ ਸਾਰੀਆਂ ਰੁਕਾਵਟਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਜੋ ਉਹਨਾਂ ਨੂੰ ਵਿਤਕਰੇ ਅਤੇ ਦੁਰਵਿਵਹਾਰ ਦਾ ਸ਼ਿਕਾਰ ਬਣਾਉਂਦੇ ਹਨ। ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਖੇਤਰਾਂ ਵਿੱਚ ਸਥਿਤੀ ਅਤੇ ਮੌਕਿਆਂ ਦੀ ਸਮਾਨਤਾ ਤੋਂ ਇਨਕਾਰ ਕਰਨ ਦੇ ਨਤੀਜੇ ਵਜੋਂ।

*- ਡਾ: ਪ੍ਰਿਅੰਕਾ ਸੌਰਭ*
*ਰਾਜਨੀਤੀ ਵਿਗਿਆਨ ਵਿੱਚ ਖੋਜ ਵਿਦਵਾਨ,*
*ਕਵਿਤਰੀ, ਸੁਤੰਤਰ ਪੱਤਰਕਾਰ ਅਤੇ ਕਾਲਮਨਵੀਸ,*
*ਉਬਾ ਭਵਨ, ਆਰੀਆਨਗਰ,*
*ਹਿਸਾਰ (ਹਰਿਆਣਾ)-127045*

**********

ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ।।

Ramgarhia Sikh Foundation of Ontario
10th International Award 2023

Dedicated to the 300th Birth Anniversary of Maharaja Jassa Singh Ramgarhia

300 ਸਾਲਾ ਮਹਾਰਾਜਾ ਰਾਮਗੜ੍ਹੀਆ ਦੇ ਨਾਮ

| | | |
|---|---|---|
| 19th May | Welcoming Guests | 10am |
| 19th May | Lunch | 1pm to 3pm |
| 20th May | Seminar | 10am to 4pm |
| 21th May | Presentation of Awards | 10am to 4pm |

on Friday, 19th May 2023
10:00am to 6:00pm
Century Gardens Recreations Complex (Auditorium 1)
340 Vodden Street East,
Brampton, ON, L6V 2N2



Bhupinder Singh Seera (647) 833-6960
Ravinder Pal Singh Sond (647) 403-6767
Gurucharan Singh (Dubai) (416) 845-1019
Mohinder Singh Kundi (647) 294-1669
Harpal Singh Matharu (416) 579 3817
Jaswinder Singh Bhachu (416) 728 2776
Baldev Singh Mankoo (647) 2089729
Karnail Singh Marwaha (416) 567 5159

| Daljit S. Gaidhu | Jasbir S. Sehmbi | Manjit S. Bhachu | Jarnail S. Matharu | Hardial S. Jheeta |
|---|---|---|---|---|
| Chairman | Vice Chairman | President | Treasurer | General Secretary |
| 416-305-9878 | 437-774-1410 | 416-275-2374 | 416-409-6207 | 647-409-8915 |

Address: 7956 Torbram Road #40, Bldg-B, Brampton, ON, L6T 5A2, Canada

# ਆਸ਼ਮਾ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਵਿਸ਼ਵ ਧਰਤੀ ਦਿਵਸ ਮੌਕੇ ਮਨਾਇਆ ਹਰਿਆਲੀ ਹਫ਼ਤਾ

## * ਅਖੀਰੀ ਦਿਨ ਰੈਲੀ ਕੱਢ ਕੇ ਆਮ ਲੋਕਾਂ ਨੂੰ ਕੀਤਾ ਜਾਗਰੂਕ

ਮੁਹਾਲੀ, 23 ਅਪ੍ਰੈਲ (ਪੋਸਟ ਬਿਊਰੋ): ਆਸ਼ਮਾ ਇੰਟਰਨੈਸ਼ਨਲ ਸਕੂਲ ਸੈਕਟਰ 70 ਵਲੋਂ ਵਿਸ਼ਵ ਧਰਤੀ ਦਿਵਸ ਨੂੰ ਸਮਰਪਿਤ ਹਫ਼ਤਾਵਾਰੀ ਧਰਤ ਮਾਂ ਹਰਿਆਲੀ ਹਫ਼ਤਾ ਮਨਾਇਆ ਗਿਆ। ਜਿਸ ਦੌਰਾਨ ਬੱਚਿਆਂ ਨੂੰ ਸਕੂਲ 'ਚ ਹੀ ਬੂਟਿਆਂ ਦੀ ਸੇਵਾ ਸੰਭਾਲ ਦੀ ਡਿਊਟੀ ਲਈ ਗਈ ਅਤੇ ਸਕੂਲ ਭਰ 'ਚ ਸਫ਼ਾਈ ਅਭਿਆਨ ਚਲਾਕੇ ਵਿਦਿਆਰਥੀਆਂ ਨੂੰ ਆਪਣੇ ਆਲੇ ਦੁਆਲੇ ਨੂੰ ਸਾਫ਼ ਸੁਥਰਾ ਰੱਖਣ ਲਈ ਜਾਗਰੂਕ ਕੀਤਾ ਗਿਆ। ਇਸ ਦੇ ਨਾਲ ਹੀ ਪੂਰਾ ਹਫ਼ਤਾ ਵਿਦਿਆਰਥੀਆਂ ਨੂੰ ਵਾਤਾਵਰਨ ਦੀ ਸੰਭਾਲ ਦੇ ਤਰੀਕੇ ਵੀ ਦੱਸੇ ਗਏ।

ਇਸ ਪੂਰਾ ਹਫ਼ਤਾ ਭਰ ਚੱਲੇ ਅਭਿਆਨ ਤੋਂ ਬਾਅਦ ਸ਼ਨੀਵਾਰ ਨੂੰ ਵਿਦਿਆਰਥੀ ਨੇ ਅਧਿਆਪਕਾਂ ਦੀ ਦੇਖ ਰੇਖ 'ਚ ਆਮ ਲੋਕਾਂ 'ਚ ਧਰਤੀ ਦੀ ਸੇਵਾ ਸੰਭਾਲ ਦੀ ਜਾਗਰੂਕਤਾ ਪੈਦਾ ਕਰਨ ਲਈ ਫੇਜ਼ 5 ਦੀ ਮਾਰਕੀਟ ਵਿਚ ਇਕ ਰੈਲੀ ਵੀ ਕੱਢੀ। ਇਸ ਦੌਰਾਨ ਵਿਦਿਆਰਥੀਆਂ ਨੇ ਧਰਤੀ ਮਾਂ ਨੂੰ ਬਚਾਉਣ ਲਈ ਆਪਣੇ ਹੱਥਾਂ 'ਚ ਬੈਨਰ ਫੜ ਕੇ ਲੋਕਾਂ ਨੂੰ ਆਪਣੇ ਆਸ-ਪਾਸ ਦੀ ਸੇਵਾ ਸੰਭਾਲ ਦੇ ਤਰੀਕੇ ਦੱਸੇ। ਇਸ ਦੇ ਨਾਲ ਹੀ ਵਿਦਿਆਰਥੀਆਂ ਨੇ ਆਸ ਪਾਸ ਦੇ ਘਰਾਂ 'ਚ ਜਾ ਕੇ ਲੋਕਾਂ ਨੂੰ ਆਲੇ ਦੁਆਲੇ ਹਰਾ ਭਰਿਆ ਅਤੇ ਸਫ਼ਾਈ ਰੱਖਣ ਲਈ ਜਾਗਰੂਕ ਵੀ ਕੀਤਾ। ਛੋਟੇ ਛੋਟੇ ਬੱਚਿਆਂ ਵੱਲੋਂ ਆਪਣੇ ਅਧਿਆਪਕਾਂ ਨਾਲ ਲੋਕਾਂ ਨੂੰ ਸਫ਼ਾਈ ਅਤੇ ਹਰਿਆਲੀ ਦੇ ਫ਼ਾਇਦਿਆਂ ਨੂੰ ਜਾਣਕਾਰੀ ਨੂੰ ਉਨ੍ਹਾਂ ਬਹੁਤ ਧਿਆਨ ਨਾਲ ਸੁਣਿਆ।

ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸੂਚੀ ਗਰੋਵਰ ਨੇ ਨਵੀਂ ਪੀੜੀ ਨੂੰ ਅੱਗੇ ਆ ਕੇ ਆਲੇ ਦੁਆਲੇ ਦੇ ਵਾਤਾਵਰਨ ਨੂੰ ਸ਼ੁੱਧ ਅਤੇ ਸਾਫ਼ ਰੱਖਣ ਦੇ ਦੇ ਉਪਰਾਲੇ ਕਰਨ ਲਈ ਪ੍ਰੇਰਨਾ ਦਿਤੀ। ਇਸ ਦੇ ਨਾਲ ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਜੇਕਰ ਉਹ ਆਪਣੇ ਵਿੱਦਿਅਕ ਅਦਾਰਿਆਂ ਅਤੇ ਘਰ ਤੋਂ ਹੀ ਇਹ ਸ਼ੁਰੂਆਤ ਕਰ ਦੇਣ ਤਾਂ ਸਮਾਜ ਨੂੰ ਇਸ ਨਾਲ ਨਵੀਂ ਦਿਸ਼ਾ ਮਿਲੇਗੀ। ਸਕੂਲ ਦੇ ਡਾਇਰੈਕਟਰ ਜੇ ਐੱਸ ਕੇਸਰ ਨੇ ਵਿਦਿਆਰਥੀਆਂ ਨੂੰ ਬਿਜਲੀ ਅਤੇ ਪਾਣੀ ਦੀ ਵਰਤੋਂ ਸੁਚੱਜੇ ਢੰਗ ਨਾਲ ਕਰਨ ਦੀ ਪ੍ਰੇਰਨਾ ਦਿਤੀ।










## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।










## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.







## ਲੜਕੀ ਦੀ ਲੋੜ

ਦਲਜੀਤ ਸਿੰਘ ਕੰਗ, ਉਮਰ 27 ਸਾਲ, ਕੱਦ 5 ਫੁੱਟ 9 ਇੰਚ, ਐਮਏ ਬੀਐਡ, ਬੁਕ ਰਾਈਟਰ, ਲਾਅ ਕਰ ਰਿਹਾ ਹੈ, ਚੰਗੀ ਪੜ੍ਹੀ ਲਿਖੀ ਫੈਮਿਲੀ, ਦੋ ਭੈਣਾਂ, ਦੋਵੇਂ ਵਿਆਹੀਆਂ ਹੋਈਆਂ ਹਨ, ਇਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, 7 ਕਿਲੇ ਜ਼ਮੀਨ, ਲਈ ਕੈਨੇਡਾ ਦੀ ਪੀਆਰ ਜਾਂ ਸਿਟੀਜਨ ਲੜਕੀ ਦੀ ਲੋੜ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ 647-707-7107

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664


ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ। ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661




## ਲੜਕੇ ਦੀ ਲੋੜ

ਰਮਦਾਸੀਆ ਸਿੱਖ ਸੋਹਣੀ ਸੁਨੱਖੀ ਲੜਕੀ, ਕੱਦ 5 ਫੁੱਟ 7 ਇੰਚ, ਜਨਮ 1993, ਐੱਮ.ਟੈੱਕ, ਕੈਨੇਡਾ ਦੀ ਪੀ.ਆਰ., ਲਈ ਪ੍ਰੋਫੈਸ਼ਨਲੀ ਕੁਆਲੀਫਾਈਡ ਸਿੱਖ ਲੜਕੇ ਦੀ ਲੋੜ ਹੈ। ਲੜਕਾ ਪੀ.ਆਰ. ਹੋਣਾ ਚਾਹੀਦਾ ਹੈ ਅਤੇ ਕੈਨੇਡਾ ਵਿਚ ਕੰਮ ਕਰਦੇ ਲੜਕੇ ਨੂੰ ਪਹਿਲ ਦਿੱਤੀ ਜਾਵੇਗੀ। ਫੋਟੋ/ਬਾਇਓਡਾਟਾ sukhik0113@gmail.com ਉਤੇ ਭੇਜ ਸਕਦੇ ਹੋ। ਸੰਪਰਕ: +91 9868560322 ਜਾਂ 437 261 4061

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

Saini Sikh family living in Ontario seeks suitable match for their beautiful daughter born in India and raised in Canada since 2005, 27-year-old, slim 5'3" tall has a bachelor degree and a good job. Boy should be Sikh, educated, living and working in Canada. Please contact on +1 (289) 707- 4366.

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

# ਪੰਜਾਬ ਪੁਲਿਸ ਨੇ ਉੱਤਰਾਖੰਡ ਦੇ ਵਪਾਰੀ ਦੀ ਟਾਰਗੇਟ ਕਿਲਿੰਗ ਦਾ ਮਨਸੂਬਾ ਕੀਤਾ ਨਾਕਾਮ; ਅਰਸ਼ ਡੱਲਾ ਗੈਂਗ ਦੇ ਦੋ ਮੈਂਬਰ ਕਾਬੂ

* ਪੰਜਾਬ ਪੁਲਿਸ ਮੁੱਖ ਮੰਤਰੀ ਭਗਵੰਤ ਮਾਨ ਦੀ ਸੋਚ ਅਨੁਸਾਰ ਪੰਜਾਬ ਨੂੰ ਅਪਰਾਧ ਮੁਕਤ ਸੂਬਾ ਬਣਾਉਣ ਲਈ ਵਚਨਬੱਧ * ਪੁਲਿਸ ਟੀਮਾਂ ਨੇ ਤਿੰਨ ਪਿਸਤੌਲਾਂ ਅਤੇ 1.90 ਲੱਖ ਰੁਪਏ ਦੀ ਨਕਦੀ ਵੀ ਕੀਤੀ ਬਰਾਮਦ



ਚੰਡੀਗੜ੍ਹ, 23 ਅਪ੍ਰੈਲ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ ’ਤੇ ਪੰਜਾਬ ਨੂੰ ਅਪਰਾਧ ਮੁਕਤ ਸੂਬਾ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਨਾਮਜ਼ਦ-ਅੱਤਵਾਦੀ ਅਰਸ਼ ਡੱਲਾ ਅਤੇ ਗੈਂਗਸਟਰ ਸੁੱਖਾ ਦੁੱਨੇਕੇ ਨਾਲ ਜੁੜੇ ਦੋ ਗੈਂਗ ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਉੱਤਰਾਖੰਡ ’ਚ ਸੰਭਾਵਿਤ ਟਾਰਗੇਟ ਕਿਲਿੰਗ ਦਾ ਮਨਸੂਬਾ ਨਾਕਾਮ ਕਰ ਦਿੱਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡੀਜੀਪੀ ਪੰਜਾਬ ਗੌਰਵ ਯਾਦਵ ਨੇ ਦਿੱਤੀ।

ਫੜੇ ਗਏ ਵਿਅਕਤੀਆਂ ਦੀ ਪਛਾਣ ਸ਼ਿਮਲਾ ਸਿੰਘ ਵਾਸੀ ਪਿੰਡ ਗਰਾਂਘਣਾ, ਜ਼ਿਲ੍ਹਾ ਮਾਨਸਾ ਅਤੇ ਹਰਜੀਤ ਸਿੰਘ ਉਰਫ਼ ਗੋਰਾ ਵਾਸੀ ਪਿੰਡ ਭਡੋਲੀਆਂਵਾਲੀ, ਜ਼ਿਲ੍ਹਾ ਫ਼ਤਿਹਾਬਾਦ, ਹਰਿਆਣਾ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਤਿੰਨ ਪਿਸਤੌਲਾਂ .32 ਬੋਰ, .315 ਬੋਰ ਦਾ ਦੇਸੀ ਕੱਟਾ, ਜ਼ਿੰਦਾ ਕਾਰਤੂਸ ਅਤੇ ਮੈਗਜ਼ੀਨ ਸਮੇਤ ਇੱਕ 12 ਬੋਰ ਦਾ ਦੇਸੀ ਕੱਟਾ ਬਰਾਮਦ ਕੀਤੀਆਂ ਹਨ ਅਤੇ ਇਸ ਦੇ ਨਾਲ ਹੀ 1.90 ਲੱਖ ਰੁਪਏ ਦੀ ਨਕਦੀ ਵੀ ਬਰਾਮਦ ਕੀਤੀ ਹੈ, ਜੋ ਕਿ ਕੰਟਰੈਕਟ ਕਿਲਿੰਗ ਲਈ ਮੁਹੱਈਆ ਕਰਵਾਈ ਗਈ ਸੀ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਭਰੋਸੇਯੋਗ ਸੂਚਨਾਵਾਂ ਦੇ ਆਧਾਰ ’ਤੇ ਕਾਊਂਟਰ ਇੰਟੈਲੀਜੈਂਸ ਬਠਿੰਡਾ ਨੇ ਬਠਿੰਡਾ ਜ਼ਿਲ੍ਹਾ ਪੁਲਿਸ ਨਾਲ ਮਿਲ ਕੇ ਬਠਿੰਡਾ ਦੇ ਪਿੰਡ ਜੱਸੀ ਪੌਵਾਲੀ ਵਿਖੇ ਨਾਕਾ ਲਗਾਇਆ ਅਤੇ ਜਦੋਂ ਸ਼ਿਮਲਾ ਸਿੰਘ ਆਪਣੇ ਦੋਸਤ ਨੂੰ ਮਿਲਣ ਜਾ ਰਿਹਾ ਸੀ, ਉਸ ਨੂੰ ਗ੍ਰਿਫ਼ਤਾਰ ਕਰ ਲਿਆ।

ਵਧੇਰੇ ਜਾਣਕਾਰੀ ਦਿੰਦਿਆਂ ਏ.ਆਈ.ਜੀ. ਸਿਮਰਤਪਾਲ ਸਿੰਘ ਨੇ ਦੱਸਿਆ ਕਿ ਸ਼ਿਮਲਾ ਸਿੰਘ ਨੇ ਖੁਲਾਸਾ ਕੀਤਾ ਕਿ ਅਰਸ਼ ਡੱਲਾ ਨੇ ਉਸ ਨੂੰ ਕਾਸ਼ੀਪੁਰ ਦੇ ਵਪਾਰੀ ਨੂੰ ਮਾਰਨ ਲਈ ਕਿਹਾ ਸੀ ਅਤੇ ਉਸ ਨੂੰ ਲੌਜਿਸਟਿਕ ਸਹਾਇਤਾ ਲਈ ਆਪਣੇ ਸਾਥੀ ਸਾਧੂ ਸਿੰਘ, ਜੋ ਇਸ ਸਮੇਂ ਹਲਦਵਾਨੀ ਜੇਲ੍ਹ ਵਿੱਚ ਬੰਦ ਹੈ, ਨੂੰ ਮਿਲਣ ਲਈ ਕਿਹਾ ਸੀ।

ਉਹਨਾਂ ਕਿਹਾ ਕਿ ਅਰਸ਼ ਡੱਲਾ ਨੇ ਇਸ ਕੰਟਰੈਕਟ ਕਿਲਿੰਗ ਨੂੰ ਅੰਜਾਮ ਦੇਣ ਲਈ 7 ਲੱਖ ਰੁਪਏ ਸ਼ਿਮਲਾ ਸਿੰਘ ਨੂੰ ਦੋ ਕਿਸ਼ਤਾਂ - 4 ਲੱਖ ਅਤੇ 3 ਲੱਖ ਰੁਪਏ- ਵਿੱਚ ਭੇਜੇ ਸਨ।

ਏ.ਆਈ.ਜੀ ਨੇ ਦੱਸਿਆ ਕਿ ਦੋਸ਼ੀ ਸ਼ਿਮਲਾ ਸਿੰਘ ਨੇ ਸੁੱਖਾ ਦੁੱਨੇਕੇ ਦੇ ਕਹਿਣ ’ਤੇ ਅਣਪਛਾਤੇ ਵਿਅਕਤੀ ਨੂੰ 4 ਲੱਖ ਰੁਪਏ ਦਿੱਤੇ ਸਨ ਅਤੇ ਇਸ ਕਤਲ ਨੂੰ ਅੰਜਾਮ ਦੇਣ ਲਈ ਛੇ ਹਥਿਆਰਾਂ ਦਾ ਪ੍ਰਬੰਧ ਕਰਨ ਵਾਸਤੇ ਹਰਜੀਤ ਸਿੰਘ ਉਰਫ ਗੋਰਾ ਨੂੰ 3 ਲੱਖ ਰੁਪਏ ਦਿੱਤੇ ਸਨ।

ਇਸ ਉਪਰੰਤ ਪੁਲਿਸ ਟੀਮਾਂ ਨੇ ਹਰਿਆਣਾ ਪੁਲਿਸ ਦੀ ਮਦਦ ਨਾਲ ਹਰਜੀਤ ਗੋਰਾ ਨੂੰ ਉਸਦੇ ਪਿੰਡ ਤੋਂ ਗ੍ਰਿਫਤਾਰ ਕਰ ਲਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਸਬੰਧੀ ਪੁੱਛਗਿੱਛ ਜਾਰੀ ਹੈ ਅਤੇ ਹੋਰ ਬਰਾਮਦਗੀਆਂ ਦੀ ਵੀ ਉਮੀਦ ਹੈ। ਇਸ ਸਬੰਧੀ ਐਫ.ਆਈ.ਆਰ. ਨੰ. 48 ਮਿਤੀ 20-04-2023 ਨੂੰ ਅਸਲਾ ਐਕਟ ਦੀ ਧਾਰਾ 25(6), (7)/54/59 ਅਤੇ ਭਾਰਤੀ ਦੰਡਾਵਲੀ (ਆਈ.ਪੀ.ਸੀ.) ਦੀ ਧਾਰਾ 120ਬੀ ਤਹਿਤ ਥਾਣਾ ਸਦਰ ਬਠਿੰਡਾ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਦੇਸ਼ ਦੇ ਚੋਟੀ ਦੇ ਪਹਿਲਵਾਨਾਂ ਨੇ ਮਹਿਲਾ ਪਹਿਲਵਾਨਾਂ ਦੇ ਜਿਣਸੀ ਸ਼ੋਸ਼ਣ ਦੇ ਵਿਰੋਧ ਵਿਚ ਦਿੱਲੀ ਵਿਚ ਕੀਤਾ ਪ੍ਰਦਰਸ਼ਨ



ਨਵੀਂ ਦਿੱਲੀ, 23 ਅਪ੍ਰੈਲ (ਪੋਸਟ ਬਿਊਰੋ): ਇਸ ਸਾਲ ਦੇ ਸ਼ੁਰੂ 'ਚ ਰੈਸਲਿੰਗ ਫੈਡਰੇਸ਼ਨ ਆਫ ਇੰਡੀਆ (ਡਬਲਿਊਐੱਫਆਈ) ਦੇ ਮੁਖੀ ਅਤੇ ਹੋਰ ਕੋਚਾਂ 'ਤੇ ਮਹਿਲਾ ਪਹਿਲਵਾਨਾਂ ਦੇ ਜਿਨਸੀ ਸ਼ੋਸ਼ਣ ਦੇ ਦੋਸ਼ ਲਗਾਉਣ ਵਾਲੇ ਚੋਟੀ ਦੇ ਭਾਰਤੀ ਪਹਿਲਵਾਨ ਨੇ ਨਵੀਂ ਪੁਲਸ ਸ਼ਿਕਾਇਤ ਦਰਜ ਕਰਵਾਈ ਹੈ ਅਤੇ ਦਿੱਲੀ ਦੇ ਜੰਤਰ ਮੰਤਰ ਵਿਖੇ ਰੋਸ ਪ੍ਰਦਰਸ਼ਨ ਕੀਤਾ। ਸੱਤ ਮਹਿਲਾ ਪਹਿਲਵਾਨਾਂ ਨੇ ਕੇਂਦਰੀ ਦਿੱਲੀ ਦੇ ਕਨਾਟ ਪਲੇਸ ਥਾਣੇ ਵਿੱਚ ਫੈਡਰੇਸ਼ਨ ਦੇ ਮੁਖੀ ਬ੍ਰਿਜ ਭੂਸ਼ਣ ਸ਼ਰਨ ਸਿੰਘ ਖ਼ਿਲਾਫ਼ ਜਿਨਸੀ ਸ਼ੋਸ਼ਣ ਦੀ ਸ਼ਿਕਾਇਤ ਦਰਜ ਕਰਵਾਈ ਹੈ।

ਪਹਿਲਵਾਨ ਸਾਕਸ਼ੀ ਮਲਿਕ ਨੇ ਕਿਹਾ ਕਿ ਸ਼ਿਕਾਇਤ ਦੇ ਆਧਾਰ 'ਤੇ ਐਫਆਈਆਰ ਦਰਜ ਹੋਣੀ ਬਾਕੀ ਹੈ। ਉਨ੍ਹਾਂ ਕਿਹਾ ਕਿ ਉਹ ਇਸ ਗੱਲੋਂ ਨਿਰਾਸ਼ ਹਨ ਕਿ ਇਸ ਮੁੱਦੇ 'ਤੇ ਬਣੇ ਸਰਕਾਰੀ ਪੈਨਲ ਦੀ ਰਿਪੋਰਟ ਅਜੇ ਤੱਕ ਜਨਤਕ ਨਹੀਂ ਕੀਤੀ ਗਈ। ਉਨ੍ਹਾਂ ਕਿਹਾ, "ਅਸੀਂ ਚਾਹੁੰਦੇ ਹਾਂ ਕਿ ਰਿਪੋਰਟ, ਜਿਸ ਵਿੱਚ ਮਹਿਲਾ ਪਹਿਲਵਾਨਾਂ ਦੇ ਬਿਆਨ ਦਰਜ ਕੀਤੇ ਗਏ ਹਨ, ਨੂੰ ਜਨਤਕ ਕੀਤਾ ਜਾਵੇ। ਇਹ ਇੱਕ ਸੰਵੇਦਨਸ਼ੀਲ ਮੁੱਦਾ ਹੈ, ਸ਼ਿਕਾਇਤਕਰਤਾਵਾਂ ਵਿੱਚੋਂ ਇੱਕ ਨਾਬਾਲਗ ਲੜਕੀ ਹੈ।" ਉਨ੍ਹਾਂ ਕਿਹਾ ਕਿ ਸ਼ਿਕਾਇਤਕਰਤਾਵਾਂ ਦੇ ਨਾਂ ਲੀਕ ਨਹੀਂ ਹੋਣੇ ਚਾਹੀਦੇ।

ਇੱਕ ਹੋਰ ਸੀਨੀਅਰ ਪਹਿਲਵਾਨ ਬਜਰੰਗ ਪੂਨੀਆ ਨੇ ਕਿਹਾ, "ਅਸੀਂ ਉਦੋਂ ਤੱਕ ਇੱਥੋਂ ਨਹੀਂ ਜਾਵਾਂਗੇ ਜਦੋਂ ਤੱਕ ਬ੍ਰਿਜ ਭੂਸ਼ਣ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਜਾਂਦਾ।" ਵਿਨੇਸ਼ ਫੋਗਾਟ ਨੇ ਕਿਹਾ ਕਿ ਵਾਰ-ਵਾਰ ਕੋਸ਼ਿਸ਼ਾਂ ਦੇ ਬਾਵਜੂਦ ਸਰਕਾਰ ਵੱਲੋਂ ਕੋਈ ਹੁੰਗਾਰਾ ਨਹੀਂ ਮਿਲ ਰਿਹਾ ਹੈ। ਉਨ੍ਹਾਂ ਕਿਹਾ, "ਜਦੋਂ ਤੱਕ ਸਾਨੂੰ ਇਨਸਾਫ਼ ਨਹੀਂ ਮਿਲਦਾ, ਅਸੀਂ ਇੱਥੇ ਸੌਂਵਾਂਗੇ ਅਤੇ ਖਾਵਾਂਗੇ।

ਖੇਡ ਮੰਤਰਾਲੇ ਨੇ 23 ਜਨਵਰੀ ਨੂੰ ਮਸ਼ਹੂਰ ਮੁੱਕੇਬਾਜ਼ ਐਮਸੀ ਮੈਰੀਕਾਮ ਦੀ ਅਗਵਾਈ ਹੇਠ ਪੰਜ ਮੈਂਬਰੀ ਨਿਗਰਾਨੀ ਕਮੇਟੀ ਦਾ ਗਠਨ ਕੀਤਾ ਸੀ ਅਤੇ ਉਸ ਨੂੰ ਇਕ ਮਹੀਨੇ ਦੇ ਅੰਦਰ ਆਪਣੀ ਰਿਪੋਰਟ ਸੌਂਪਣ ਲਈ ਕਿਹਾ ਸੀ। ਇਸਦੀ ਸਮਾਂ ਸੀਮਾ ਬਾਅਦ ਵਿੱਚ ਦੋ ਹਫ਼ਤਿਆਂ ਲਈ ਵਧਾ ਦਿੱਤੀ ਗਈ ਸੀ ਅਤੇ ਪ੍ਰਦਰਸ਼ਨਕਾਰੀ ਪਹਿਲਵਾਨਾਂ ਦੀ ਬੇਨਤੀ 'ਤੇ ਬਬੀਤਾ ਫੋਗਾਟ ਨੂੰ ਜਾਂਚ ਪੈਨਲ ਦੇ ਛੇਵੇਂ ਮੈਂਬਰ ਵਜੋਂ ਸ਼ਾਮਲ ਕੀਤਾ ਗਿਆ ਸੀ।

# ਅੰਮ੍ਰਿਤਪਾਲ ਨੂੰ ਪੰਜਾਬ ਪੁਲਸ ਨੇ ਰੋਡੇ ਪਿੰਡ ਤੋਂ ਕੀਤਾ ਗ੍ਰਿਫਤਾਰ, ਲਿਜਾਇਆ ਗਿਆ ਡਿਬਰੂਗੜ੍ਹ ਜੇਲ

* ਮੁੱਖ ਮੰਤਰੀ ਮਾਨ ਦੀ ਨਿਗਰਾਨੀ ਵਿਚ ਹੋਇਆ ਸਾਰਾ ਆਪ੍ਰੇਸ਼ਨ



ਚੰਡੀਗੜ੍ਹ, 23 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਪੁਲਿਸ ਨੇ ਐਤਵਾਰ ਨੂੰ ਵਾਰਿਸ ਪੰਜਾਬ ਦੇ ਮੁਖੀ ਅਤੇ ਕੱਟੜਪੰਥੀ ਪ੍ਰਚਾਰਕ ਅੰਮ੍ਰਿਤਪਾਲ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਹੈ। ਪੰਜਾਬ ਦੇ ਮੋਗਾ ਜ਼ਿਲ੍ਹੇ ਦੇ ਪਿੰਡ ਰੋਡੇ ਤੋਂ ਇੱਕ ਮਹੀਨੇ ਤੋਂ ਵੱਧ ਸਮੇਂ ਤੋਂ ਫਰਾਰ ਖਾਲਿਸਤਾਨ ਸਮਰਥਕ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਅਜਨਾਲਾ ਥਾਣੇ 'ਤੇ ਹੋਏ ਹਮਲੇ ਤੋਂ ਬਾਅਦ ਪੁਲਿਸ ਨੇ 18 ਮਾਰਚ ਨੂੰ ਅੰਮ੍ਰਿਤਪਾਲ ਸਿੰਘ ਅਤੇ ਉਸ ਦੀ ਜਥੇਬੰਦੀ ਦੇ ਮੈਂਬਰਾਂ ਵਿਰੁੱਧ ਕਾਰਵਾਈ ਕੀਤੀ ਸੀ। ਉਦੋਂ ਤੋਂ ਅੰਮ੍ਰਿਤਪਾਲ ਫਰਾਰ ਸੀ।

ਖਾਲਿਸਤਾਨ ਸਮਰਥਕ ਅਤੇ 'ਵਾਰਿਸ ਪੰਜਾਬ ਦੇ' ਦੇ ਮੁਖੀ ਅੰਮ੍ਰਿਤਪਾਲ ਸਿੰਘ ਨੂੰ ਗ੍ਰਿਫਤਾਰੀ ਤੋਂ ਬਾਅਦ ਵਿਸ਼ੇਸ਼ ਜਹਾਜ਼ ਰਾਹੀਂ ਅਸਾਮ ਦੇ ਡਿਬਰੂਗੜ੍ਹ ਲਿਜਾਇਆ ਗਿਆ। ਅੰਮ੍ਰਿਤਪਾਲ ਨੂੰ ਡਿਬਰੂਗੜ੍ਹ ਦੀ ਕੇਂਦਰੀ ਜੇਲ੍ਹ ਵਿੱਚ ਰੱਖਿਆ ਜਾਵੇਗਾ। ਇਸ ਮਾਮਲੇ 'ਚ ਹੁਣ ਕੁੱਲ 10 ਮੁਲਜ਼ਮ ਡਿਬਰੂਗੜ੍ਹ ਜੇਲ 'ਚ ਬੰਦ ਹਨ। ਸਾਰਿਆਂ ਨੂੰ ਰਾਸ਼ਟਰੀ ਸੁਰੱਖਿਆ ਕਾਨੂੰਨ (ਐਨਐੱਸਏ) ਤਹਿਤ ਗ੍ਰਿਫਤਾਰ ਕੀਤਾ ਗਿਆ ਹੈ। ਇਨ੍ਹਾਂ ਮੁਲਜ਼ਮਾਂ ਵਿੱਚ ਅੰਮ੍ਰਿਤਪਾਲ ਸਿੰਘ ਤੋਂ ਇਲਾਵਾ ਪਪਲਪ੍ਰੀਤ ਸਿੰਘ, ਦਲਜੀਤ ਕਲਸੀ, ਬਸੰਤ ਸਿੰਘ, ਗੁਰਮੀਤ ਸਿੰਘ ਭੁਖਨਵਾਲਾ, ਭਗਵੰਤ ਸਿੰਘ, ਹਰਜੀਤ ਸਿੰਘ, ਕੁਲਵੰਤ ਸਿੰਘ ਧਾਲੀਵਾਲ, ਗੁਰਿੰਦਰਪਾਲ ਸਿੰਘ ਅਤੇ ਵਰਿੰਦਰ ਸਿੰਘ ਸ਼ਾਮਲ ਹਨ।

ਅੰਮ੍ਰਿਤਪਾਲ ਸਿੰਘ ਦੀ ਗ੍ਰਿਫਤਾਰੀ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਅੱਜ ਅੰਮ੍ਰਿਤਪਾਲ ਸਿੰਘ ਨੂੰ 35 ਦਿਨਾਂ ਬਾਅਦ ਗ੍ਰਿਫਤਾਰ ਕੀਤਾ ਗਿਆ ਹੈ। ਜਿਹੜੇ ਲੋਕ ਦੇਸ਼ ਦੀ ਸ਼ਾਂਤੀ ਅਤੇ ਕਾਨੂੰਨ ਨੂੰ ਭੰਗ ਕਰਨ ਦੀ ਕੋਸ਼ਿਸ਼ ਕਰਨਗੇ, ਉਨ੍ਹਾਂ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਮੈਂ ਪੰਜਾਬ ਦੇ 3.5 ਕਰੋੜ ਲੋਕਾਂ ਦਾ ਧੰਨਵਾਦ ਕਰਦਾ ਹਾਂ ਕਿ ਉਨ੍ਹਾਂ ਨੇ ਸ਼ਾਂਤੀ ਭੰਗ ਨਹੀਂ ਹੋਣ ਦਿੱਤੀ। ਮੁੱਖ ਮੰਤਰੀ ਨੇ ਕਿਹਾ ਕਿ ਬੀਤੀ ਰਾਤ ਮੇਰੇ ਕੋਲ ਪੂਰੀ ਜਾਣਕਾਰੀ ਆ ਗਈ ਸੀ। ਮੈਂ ਸਾਰੀ ਰਾਤ ਸੌਂ ਨਹੀਂ ਸਕਿਆ। ਮੈਂ ਹਰ 15-30 ਮਿੰਟਾਂ ਵਿੱਚ ਜਾਣਕਾਰੀ ਲੈ ਰਿਹਾ ਸੀ ਕਿਉਂਕਿ ਮੈਂ ਨਹੀਂ ਚਾਹੁੰਦਾ ਸੀ ਕਿ ਕਾਨੂੰਨ ਵਿਵਸਥਾ ਦੀ ਸਥਿਤੀ ਪੈਦਾ ਹੋਵੇ। ਦਿੱਲੀ ਦੇ ਸੀਐਮ ਅਤੇ ‘ਆਪ’ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਅਸੀਂ ਪੰਜਾਬ ਦੀ ਸ਼ਾਂਤੀ ਅਤੇ ਸੁਰੱਖਿਆ ਲਈ ਵਚਨਬੱਧ ਹਾਂ। ਅਸੀਂ ਇਸ ਲਈ ਸਖ਼ਤ ਫੈਸਲੇ ਲੈਣ ਲਈ ਵੀ ਤਿਆਰ ਹਾਂ।

ਇਸ ਮਾਮਲੇ ਵਿਚ ਆਈਜੀਪੀ ਸੁਖਚੈਨ ਸਿੰਘ ਗਿੱਲ ਨੇ ਦੱਸਿਆ ਕਿ ਅੰਮ੍ਰਿਤਪਾਲ ਸਿੰਘ ਖਿਲਾਫ ਐਨਐਸਏ ਦੇ ਤਹਿਤ ਵਾਰੰਟ ਜਾਰੀ ਕੀਤੇ ਗਏ ਸਨ, ਜਿਸ ਤੋਂ ਬਾਅਦ ਉਸ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਇਸ ਪੂਰੀ ਕਾਰਵਾਈ ਦੌਰਾਨ ਪੰਜਾਬ ਦੇ ਲੋਕਾਂ ਨੇ ਅਮਨ-ਕਾਨੂੰਨ ਦੀ ਵਿਵਸਥਾ ਬਣਾਈ ਰੱਖੀ, ਜਿਸ ਲਈ ਅਸੀਂ ਉਨ੍ਹਾਂ ਦਾ ਧੰਨਵਾਦ ਕਰਦੇ ਹਾਂ। ਅਸੀਂ ਉਸ ਨੂੰ ਸਵੇਰੇ 6:45 ਵਜੇ ਆਪਰੇਸ਼ਨ ਚਲਾ ਕੇ ਗ੍ਰਿਫਤਾਰ ਕਰ ਲਿਆ। ਉਸ ਨੇ ਕਿਹਾ ਕਿ ਪੁਲੀਸ ਮੁਲਾਜ਼ਮਾਂ ਨੇ ਉਸ ਨੂੰ ਚਾਰੋਂ ਪਾਸਿਓਂ ਘੇਰ ਲਿਆ ਹੈ, ਜਿਸ ਕਾਰਨ ਉਸ ਦੇ ਭੱਜਣ ਦੀ ਕੋਈ ਗੁੰਜਾਇਸ਼ ਨਹੀਂ ਬਚੀ।

ਉਨ੍ਹਾਂ ਕਿਹਾ ਕਿ ਸਾਡੇ ਕੋਲ ਖਾਸ ਸੂਚਨਾ ਸੀ ਜਿਸ ਵਿੱਚ ਸਾਨੂੰ ਪਤਾ ਸੀ ਕਿ ਉਹ ਰੋਡੇ ਪਿੰਡ ਦੇ ਗੁਰਦੁਆਰੇ ਵਿੱਚ ਮੌਜੂਦ ਸੀ। ਗੁਰਦੁਆਰਾ ਸਾਹਿਬ ਦੀ ਮਰਿਆਦਾ ਨੂੰ ਮੁੱਖ ਰੱਖਦਿਆਂ ਅਸੀਂ ਉਸ ਨੂੰ ਗ੍ਰਿਫਤਾਰ ਕਰ ਲਿਆ। ਗੁਰਦੁਆਰੇ ਦੀ ਮਰਿਆਦਾ ਨੂੰ ਕਾਇਮ ਰੱਖਣ ਲਈ ਕੋਈ ਪੁਲਸ ਮੁਲਾਜ਼ਮ ਅੰਦਰ ਨਹੀਂ ਵੜਿਆ। ਗ੍ਰਿਫਤਾਰ ਕਰਨ ਤੋਂ ਬਾਅਦ ਉਸ ਨੂੰ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਭੇਜ ਦਿੱਤਾ ਗਿਆ। ਆਈਜੀਪੀ ਨੇ ਕਿਹਾ ਕਿ ਪੰਜਾਬ ਵਿੱਚ ਅਮਨ-ਕਾਨੂੰਨ, ਭਾਈਚਾਰਕ ਸਾਂਝ ਬਰਕਰਾਰ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਅਣਸੁਖਾਵੀਂ ਘਟਨਾ ਵਾਪਰਨ ਦਾ ਖਦਸ਼ਾ ਨਹੀਂ ਹੈ। ਦੱਸ ਦੇਈਏ ਕਿ ਅੱਤਵਾਦੀ ਜਰਨੈਲ ਸਿੰਘ ਭਿੰਡਰਾਂਵਾਲੇ ਰੋਡੇ ਪਿੰਡ ਦਾ ਰਹਿਣ ਵਾਲਾ ਸੀ। ਪਿਛਲੇ ਸਾਲ ਇਸ ਪਿੰਡ ਵਿੱਚ ਕਰਵਾਏ ਗਏ ਇੱਕ ਪ੍ਰੋਗਰਾਮ ਵਿੱਚ ਅੰਮ੍ਰਿਤਪਾਲ ਸਿੰਘ ਨੂੰ ਵਾਰਿਸ ਪੰਜਾਬ ਦੇ ਦਾ ਮੁਖੀ ਨਿਯੁਕਤ ਕੀਤਾ ਗਿਆ ਸੀ।

# ਅਸਾਮ ਵਿਚ ਮੀਂਹ ਤੇ ਤੂਫ਼ਾਨ ਕਾਰਨ ਦੋ ਮੌਤਾਂ, 41 ਹਜਾਰ ਤੋਂ ਵੱਧ ਲੋਕ ਪ੍ਰਭਾਵਿਤ

* ਤਿਨਸੁਕੀਆ 'ਚ ਅੱਜ ਸਕੂਲ ਤੇ ਕਾਲਜ ਰਹਿਣਗੇ ਬੰਦ



ਅਸਾਮ, 23 ਅਪ੍ਰੈਲ (ਪੋਸਟ ਬਿਊਰੋ): ਅਸਾਮ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਪਿਛਲੇ 48 ਘੰਟਿਆਂ ਦੌਰਾਨ ਮੀਂਹ, ਗੜ੍ਹੇਮਾਰੀ ਅਤੇ ਤੇਜ਼ ਤੂਫਾਨ ਕਾਰਨ ਘੱਟੋ-ਘੱਟ ਦੋ ਲੋਕਾਂ ਦੀ ਮੌਤ ਹੋ ਗਈ ਹੈ ਅਤੇ 144 ਪਿੰਡਾਂ ਵਿੱਚ 41 ਹਜਾਰ ਤੋਂ ਵੱਧ ਲੋਕ ਪ੍ਰਭਾਵਿਤ ਹੋਏ ਹਨ। ਅਸਾਮ ਰਾਜ ਆਫ਼ਤ ਪ੍ਰਬੰਧਨ ਅਥਾਰਟੀ ਦੀ ਰਿਪੋਰਟ ਅਨੁਸਾਰ ਗੜ੍ਹੇਮਾਰੀ ਅਤੇ ਤੂਫਾਨ ਕਾਰਨ ਰਾਜ ਦੇ ਕਈ ਹਿੱਸਿਆਂ ਵਿੱਚ ਦਰੱਖਤ ਅਤੇ ਬਿਜਲੀ ਦੇ ਖੰਭੇ ਉੱਖੜ ਗਏ। ਅਸਾਮ ਸਟੇਟ ਡਿਜ਼ਾਸਟਰ ਮੈਨੇਜਮੈਂਟ ਅਥਾਰਟੀ (ਏਐਸਡੀਐਮਏ) ਦੀ ਰਿਪੋਰਟ ਦੇ ਅਨੁਸਾਰ, ਸ਼ਨੀਵਾਰ ਨੂੰ ਜ਼ਿਲ੍ਹੇ ਵਿੱਚ ਤੇਜ਼ ਤੂਫਾਨ ਦੇ ਬਾਅਦ ਤਿਨਸੁਕੀਆ ਜ਼ਿਲ੍ਹੇ ਦੇ ਡਮਡੂਮਾ ਖੇਤਰ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਬਿਜੋਏ ਮਾਨਕੀ (57) ਅਤੇ ਦੇਵ ਕੁਮਾਰ ਠਾਕੁਰ (26) ਵਜੋਂ ਹੋਈ ਹੈ। ਦੂਜੇ ਪਾਸੇ ਹੈਲਾਕਾਂਡੀ, ਤਿਨਸੁਕੀਆ, ਨਗਾਓਂ ਦੇ 144 ਪਿੰਡਾਂ ਦੇ ਕੁੱਲ 41,410 ਲੋਕ ਪ੍ਰਭਾਵਿਤ ਹੋਏ ਹਨ। ਇਸ ਤੋਂ ਇਲਾਵਾ ਗੋਲਪਾੜਾ, ਕਛਰ, ਧੂਬਰੀ, ਬੋਂਗਾਈਗਾਂਵ ਵੀ ਤੇਜ਼ ਤੂਫਾਨ ਨਾਲ ਪ੍ਰਭਾਵਿਤ ਹੋਏ ਹਨ।

ਇਕ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਤੂਫ਼ਾਨ ਅਤੇ ਮੀਂਹ ਕਾਰਨ ਕਈ ਘਰਾਂ ਨੂੰ ਵੀ ਨੁਕਸਾਨ ਪੁੱਜਾ ਹੈ। 633 ਕੱਚੇ ਘਰ ਅਤੇ 42 ਪੱਕੇ ਮਕਾਨਾਂ ਨੂੰ ਅੰਸ਼ਕ ਤੌਰ 'ਤੇ ਨੁਕਸਾਨ ਪਹੁੰਚਿਆ ਹੈ। 205 ਕੱਚੇ ਅਤੇ ਤਿੰਨ ਪੱਕੇ ਮਕਾਨ ਪੂਰੀ ਤਰ੍ਹਾਂ ਨੁਕਸਾਨੇ ਗਏ ਅਤੇ ਪੰਜ ਹੋਰ ਅਦਾਰੇ ਵੀ ਪ੍ਰਭਾਵਿਤ ਹੋਏ। ਰਿਪੋਰਟਾਂ ਮੁਤਾਬਕ ਸ਼ਨੀਵਾਰ ਨੂੰ ਗੋਲਪਾੜਾ ਜ਼ਿਲੇ ਦੇ ਬੰਦਰਮਾਥਾ ਇਲਾਕੇ 'ਚ ਬਿਜਲੀ ਡਿੱਗਣ ਨਾਲ ਪੰਜ ਗਾਵਾਂ ਦੀ ਮੌਤ ਹੋ ਗਈ।

# ਪਾਕਿਸਤਾਨ ਵਿੱਚ ਸਥਿਤੀ ਤੇਜ਼ੀ ਨਾਲ ਵਿਗੜ ਰਹੀ, ਵੱਡੀ ਗਿਣਤੀ ਵਿੱਚ ਦੇਸ਼ ਛੱਡਣ ਲਈ ਤਿਆਰ ਨਾਗਰਿਕ



ਇਸਲਾਮਾਬਾਦ, 23 ਅਪ੍ਰੈਲ (ਪੋਸਟ ਬਿਊਰੋ): ਉੱਘੇ ਪਾਕਿਸਤਾਨੀ ਅਰਥ ਸ਼ਾਸਤਰੀ ਆਤਿਫ ਮੀਆਂ ਨੇ ਕਿਹਾ ਹੈ ਕਿ ਆਉਣ ਵਾਲੇ ਆਰਥਿਕ ਸੰਕਟ, ਸਿਆਸੀ ਅਸਥਿਰਤਾ, ਵਧਦੀ ਖੁਰਾਕੀ ਮਹਿੰਗਾਈ ਅਤੇ ਵਧਦੇ ਅੱਤਵਾਦੀ ਹਮਲਿਆਂ ਕਾਰਨ ਵੱਡੀ ਗਿਣਤੀ ਵਿਚ ਪਾਕਿਸਤਾਨੀ ਦੇਸ਼ ਛੱਡਣ ਲਈ ਤਿਆਰ ਹਨ। ਪਾਕਿਸਤਾਨ ਦੇ ਅਹਿਮਦੀ ਭਾਈਚਾਰੇ ਨਾਲ ਸਬੰਧਤ ਆਤਿਫ ਦੀ ਪੰਜ ਸਾਲ ਪਹਿਲਾਂ ਨੌਕਰੀ ਚਲੀ ਗਈ ਸੀ।

ਉਨ੍ਹਾਂ ਨੇ ਵਾਇਸ ਆਫ ਅਮਰੀਕਾ ਵਿਚ ਦੇਸ਼ ਦੀ ਸਥਿਤੀ 'ਤੇ ਇਕ ਲੇਖ ਲਿਖਿਆ ਹੈ। ਵਿਗੜਦੀ ਆਰਥਿਕ ਸਥਿਤੀ 'ਤੇ ਚੁਟਕੀ ਲੈਂਦਿਆਂ, ਅਰਥ ਸ਼ਾਸਤਰੀ ਆਤਿਫ ਮੀਆਂ ਨੇ ਲਿਖਿਆ, "ਪਾਕਿ-ਸਤਾਨ ਇਕ ਅਜਿਹੀ ਜਗ੍ਹਾ ਹੈ ਜਿੱਥੇ ਨਿਵੇਸ਼ਕ ਜਾਣ ਲਈ ਤਿਆਰ ਨਹੀਂ ਹਨ, ਜਦੋਂ ਕਿ ਵੀਜ਼ਾ ਗੂਗਲ ਟ੍ਰੈਂਡਸ ਪਾਕਿ-ਸਤਾਨ 'ਤੇ ਸਭ ਤੋਂ ਵੱਧ ਸਰਚ ਕੀਤੇ ਗਏ ਸ਼ਬਦਾਂ ਵਿੱਚੋਂ ਇੱਕ ਹੈ।" ਉਸ ਅਨੁਸਾਰ ਇੰਨੀ ਵੱਡੀ ਗਿਣਤੀ ਵਿਚ ਖੋਜਾਂ ਭਾਰਤ ਜਾਂ ਬੰਗਲਾਦੇਸ਼ ਵਿਚ ਨਹੀਂ ਦੇਖਣ ਨੂੰ ਮਿਲਦੀਆਂ ਹਨ। ਇਸ ਤੋਂ ਪਤਾ ਲੱਗਦਾ ਹੈ ਕਿ ਵੱਡੀ ਗਿਣਤੀ ਵਿਚ ਪਾਕਿਸਤਾਨੀ ਦੇਸ਼ ਛੱਡਣ ਲਈ ਤਿਆਰ ਹਨ। ਆਤਿਫ ਮੀਆਂ ਅਨੁਸਾਰ ਭਾਵੇਂ ਸਿਆਸਤਦਾਨ ਹੋਵੇ, ਨੌਕਰਸ਼ਾਹ ਜਾਂ ਫੌਜੀ ਅਦਾਰੇ, ਅੱਜ ਸਰਕਾਰ ਲੋਕਾਂ ਵਿੱਚ ਆਪਣੀ ਭਰੋਸੇਯੋਗਤਾ ਗੁਆ ਚੁੱਕੀ ਹੈ।

ਉਧਰ ਪਾਕਿਸਤਾਨ ਦੀ ਇਲੈਕਟ੍ਰਾਨਿਕ ਮੀਡੀਆ ਰੈਗੂਲੇਟਰੀ ਅਥਾਰਟੀ (ਪੇਮਰਾ) ਨੇ ਸ਼ੁੱਕਰਵਾਰ ਨੂੰ ਦੇਸ਼ ਭਰ ਦੇ ਸਥਾਨਕ ਕੇਬਲ ਟੀਵੀ ਆਪਰੇਟਰਾਂ ਨੂੰ ਭਾਰਤੀ ਚੈਨਲਾਂ ਦਾ ਪ੍ਰਸਾਰਣ ਬੰਦ ਕਰਨ ਦਾ ਹੁਕਮ ਦਿੱਤਾ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਹੁਕਮਾਂ ਦੀ ਪਾਲਣਾ ਨਾ ਕੀਤੀ ਤਾਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਪੇਮਰਾ ਨੇ ਇਹ ਵੀ ਕਿਹਾ ਕਿ ਪਿਛਲੇ ਸਮੇਂ ਵਿੱਚ ਕਈ ਕੇਬਲ ਆਪਰੇਟਰਾਂ ਨੇ ਸੁਪਰੀਮ ਕੋਰਟ ਵੱਲੋਂ ਤੈਅ ਨਿਯਮਾਂ ਦੀ ਪਾਲਣਾ ਨਹੀਂ ਕੀਤੀ। ਪਾਕਿਸਤਾਨ ਨੇ ਪਹਿਲਾਂ ਵੀ ਕਈ ਵਾਰ ਭਾਰਤੀ ਫਿਲਮਾਂ ਅਤੇ ਟੀਵੀ ਚੈਨਲਾਂ 'ਤੇ ਪਾਬੰਦੀ ਲਗਾਈ ਹੈ।

## 116 ਕਲਰਕਾਂ ਦੀ ਨਿਯੁਕਤੀ ਨਾਲ ਤਕਨੀਕੀ ਸਿੱਖਿਆ ਵਿਭਾਗ ਦੇ ਕੰਮਕਾਜ ਵਿੱਚ ਆਵੇਗੀ ਤੇਜ਼ੀ: ਹਰਜੋਤ ਬੈਂਸ

ਚੰਡੀਗੜ੍ਹ, 23 ਅਪ੍ਰੈਲ (ਪੋਸਟ ਬਿਊਰੋ): 116 ਕਲਰਕਾਂ ਦੀ ਨਿਯੁਕਤੀ ਨਾਲ ਤਕਨੀਕੀ ਸਿੱਖਿਆ ਵਿਭਾਗ ਦੇ ਕੰਮਕਾਜ ਵਿੱਚ ਤੇਜ਼ੀ ਆਵੇਗੀ। ਉਕਤ ਪ੍ਰਗਟਾਵਾ ਅੱਜ ਇੱਥੇ ਪੰਜਾਬ ਦੇ ਤਕਨੀਕੀ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਵੱਲੋਂ ਕੀਤਾ ਗਿਆ।

ਉਹਨਾਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਇਹਨਾਂ ਨਵ-ਨਿਯੁਕਤ ਕਲਰਕਾਂ ਨੂੰ ਨਿਯੁਕਤੀ ਪੱਤਰਾਂ ਦੀ ਵੰਡ ਕੀਤੀ ਜਾਵੇਗੀ। ਸ. ਬੈਂਸ ਨੇ ਕਿਹਾ ਕਿ ਵਿਭਾਗ ਵਿੱਚ ਕਲਰਕਾਂ ਦੀ ਵੱਡੇ ਪੱਧਰ ‘ਤੇ ਘਾਟ ਸੀ, ਜੋ ਕਿ ਇਸ ਭਰਤੀ ਨਾਲ ਦੂਰ ਹੋ ਜਾਵੇਗੀ।

ਸ. ਬੈਂਸ ਨੇ ਕਿਹਾ ਕਿ ਤਕਨੀਕੀ ਸਿੱਖਿਆ ਵਿਭਾਗ ਪੰਜਾਬ ਦਾ ਇੱਕ ਅਹਿਮ ਵਿਭਾਗ ਹੈ, ਜੋ ਕਿ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇ ਕਾਬਿਲ ਬਣਾਉਣ ਦੇ ਨਾਲ-ਨਾਲ ਸਵੈ-ਰੋਜ਼ਗਾਰ ਦੇ ਕਾਬਿਲ ਵੀ ਬਣਾਉਂਦਾ ਹੈ। ਉਹਨਾਂ ਕਿਹਾ ਕਿ ਸਾਡੀ ਸਰਕਾਰ ਇਸ ਵਿਭਾਗ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ।

ਕੈਬਿਨੇਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਾਲੀ ਪੰਜਾਬ ਸਰਕਾਰ ਆਪਣੇ ਪਹਿਲੇ ਇੱਕ ਸਾਲ ਦੇ ਕਾਰਜਕਾਲ ਦੌਰਾਨ ਹੀ 28 ਹਜ਼ਾਰ ਤੋਂ ਵੱਧ ਪੱਕੀਆਂ ਸਰਕਾਰੀ ਨੌਕਰੀਆਂ ਪੰਜਾਬ ਦੇ ਨੌਜਵਾਨਾਂ ਨੂੰ ਦੇ ਚੁੱਕੀ ਹੈ।

# ਰਿਸ਼ੀ ਸੁਨਕ ਦੇ ਡਿਪਟੀ ਡੋਮਿਨਿਕ ਰਾਬ ਨੇ ਦਿੱਤਾ ਅਸਤੀਫਾ, ਪ੍ਰੇਸ਼ਾਨ ਕਰਨ ਦੇ ਲੱਗੇ ਸਨ ਦੋਸ਼



ਲੰਡਨ, 23 ਅਪ੍ਰੈਲ (ਪੋਸਟ ਬਿਊਰੋ): ਯੂਨਾਈਟਿਡ ਕਿੰਗਡਮ ਦੇ ਉਪ ਪ੍ਰਧਾਨ ਮੰਤਰੀ ਅਤੇ ਨਿਆਂ ਮੰਤਰੀ ਡੋਮਿਨਿਕ ਰਾਬ ਨੇ ਪ੍ਰੇਸ਼ਾਨ ਕਰਨ ਦੇ ਦੋਸ਼ਾਂ ਨੂੰ ਲੈ ਕੇ ਸ਼ੁੱਕਰਵਾਰ ਨੂੰ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ। ਉਸ ਖਿਲਾਫ ਤੰਗ ਪ੍ਰੇਸ਼ਾਨ ਕਰਨ ਦੀ ਸ਼ਿਕਾਇਤ ਕੀਤੀ ਗਈ ਸੀ, ਜਿਸ ਦੀ ਜਾਂਚ ਕੀਤੀ ਗਈ। ਇਹ ਜਾਂਚ ਪੂਰੀ ਹੋਣ ਤੋਂ ਬਾਅਦ ਰਾਬ ਨੇ ਆਪਣਾ ਅਹੁਦਾ ਛੱਡ ਦਿੱਤਾ ਹੈ। ਇਸ ਸ਼ਿਕਾਇਤ ਵਿੱਚ ਕਿਹਾ ਗਿਆ ਸੀ ਕਿ ਰਾਬ ਡਰਾਉਂਦਾ ਹੈ ਅਤੇ ਪ੍ਰੇਸ਼ਾਨ ਕਰਦਾ ਹੈ।

ਟਵਿੱਟਰ 'ਤੇ ਆਪਣੇ ਅਸਤੀਫੇ ਦਾ ਐਲਾਨ ਕਰਦੇ ਹੋਏ ਰਾਬ ਨੇ ਲਿਖਿਆ ਕਿ ਮੈਂ ਜਾਂਚ ਦੀ ਮੰਗ ਕੀਤੀ ਹੈ ਅਤੇ ਧਮਕੀ ਜਾਂ ਪਰੇਸ਼ਾਨੀ ਦੀ ਜਾਂਚ ਪੂਰੀ ਹੋਣ 'ਤੇ ਆਪਣੇ ਅਹੁਦੇ ਤੋਂ ਅਸਤੀਫਾ ਦੇਣ ਦਾ ਫੈਸਲਾ ਕੀਤਾ ਹੈ। ਮੇਰਾ ਮੰਨਣਾ ਹੈ ਕਿ ਆਪਣੇ ਮਨ ਦੀ ਗੱਲ ਕਰਨਾ ਮਹੱਤਵਪੂਰਨ ਹੈ।

ਰਾਬ ਦੇ ਅਸਤੀਫੇ ਤੋਂ ਬਾਅਦ, ਪਿਛਲੇ ਸਾਲ ਪ੍ਰਧਾਨ ਮੰਤਰੀ ਸੁਨਕ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਇਹ ਤੀਜੀ ਵਾਰ ਹੈ ਜਦੋਂ ਕੈਬਨਿਟ ਪੱਧਰ ਦੇ ਕਿਸੇ ਵਿਅਕਤੀ ਨੇ ਆਪਣਾ ਅਹੁਦਾ ਛੱਡਿਆ ਹੈ। ਖਾਸ ਗੱਲ ਇਹ ਹੈ ਕਿ ਪੀਐਮ ਸੁਨਕ ਨੇ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕਦੇ ਹੋਏ ਇਮਾਨਦਾਰ ਸਰਕਾਰ ਦੇਣ ਦਾ ਵਾਅਦਾ ਕੀਤਾ ਸੀ।

ਪਿਛਲੇ ਸਾਲ ਨਵੰਬਰ ਵਿੱਚ, ਪੀਐਮ ਸੁਨਕ ਨੇ ਰਾਬ ਵਿਰੁੱਧ ਧੱਕੇਸ਼ਾਹੀ ਅਤੇ ਪਰੇਸ਼ਾਨੀ ਦੇ ਦੋਸ਼ਾਂ ਦੀ ਜਾਂਚ ਕਰਨ ਲਈ ਇੱਕ ਸੀਨੀਅਰ ਰੁਜ਼ਗਾਰ ਵਕੀਲ, ਐਡਮ ਟੋਲੀ ਨੂੰ ਨਿਯੁਕਤ ਕੀਤਾ ਸੀ। ਮੰਤਰੀ ਦੇ ਨਾਲ ਕੰਮ ਕਰਨ ਵਾਲੇ ਸਿਵਲ ਸੇਵਕਾਂ ਤੋਂ ਹੋਰ ਸ਼ਿਕਾਇਤਾਂ ਸਾਹਮਣੇ ਆਈਆਂ ਸਨ।

## ਪੁਣਛ ਹਮਲੇ ਵਿਚ ਅੱਤਵਾਦੀਆਂ ਨੇ ਸਨਾਈਪਰ ਰਾਹੀਂ ਬਣਾਇਆ ਸੀ ਸੈਨਿਕਾਂ ਨੂੰ ਨਿਸ਼ਾਨਾ



ਨਵੀਂ ਦਿੱਲੀ, 23 ਅਪ੍ਰੈਲ (ਪੋਸਟ ਬਿਊਰੋ): ਜੰਮੂ-ਕਸ਼ਮੀਰ ਦੇ ਪੁਣਛ 'ਚ ਫੌਜ ਦੇ ਟਰੱਕ ਹਮਲੇ ਦੇ ਚਾਰ ਦਿਨ ਬੀਤ ਜਾਣ ਦੇ ਬਾਵਜੂਦ ਅਜੇ ਤੱਕ ਦੋਸ਼ੀਆਂ ਦਾ ਕੋਈ ਸੁਰਾਗ ਨਹੀਂ ਲੱਗਾ ਹੈ। ਇਸ ਅੱਤਵਾਦੀ ਹਮਲੇ 'ਚ ਪੰਜ ਜਵਾਨ ਸ਼ਹੀਦ ਹੋ ਗਏ ਸਨ। ਹਾਲਾਂਕਿ ਇਸ ਹਮਲੇ ਤੋਂ ਬਾਅਦ ਕਈ ਹੈਰਾਨ ਕਰਨ ਵਾਲੇ ਖੁਲਾਸੇ ਹੋ ਰਹੇ ਹਨ। ਅਧਿਕਾਰੀਆਂ ਮੁਤਾਬਕ ਹਮਲੇ 'ਚ ਸਟੀਲ ਦੀਆਂ ਗੋਲੀਆਂ ਦੀ ਵਰਤੋਂ ਕੀਤੀ ਗਈ, ਤਾਂ ਜੋ ਬਖਤਰਬੰਦ ਢਾਲ ਨੂੰ ਭੇਦਿਆ ਜਾ ਸਕੇ। ਇਸ ਦੇ ਨਾਲ ਹੀ ਗ੍ਰਨੇਡ ਸੁੱਟਣ ਤੋਂ ਪਹਿਲਾਂ ਸੈਨਿਕਾਂ ਨੂੰ ਸਨਾਈਪਰ ਰਾਹੀਂ ਨਿਸ਼ਾਨਾ ਬਣਾਏ ਜਾਣ ਦੀ ਖ਼ਬਰ ਹੈ। ਰਾਜੌਰੀ ਅਤੇ ਪੁਣਛ ਵਰਗੇ ਇਲਾਕਿਆਂ 'ਚ ਅੱਤਵਾਦੀਆਂ ਦੇ ਸਿਰ ਚੁੱਕਣ ਨੂੰ ਵੱਡੇ ਖ਼ਤਰੇ ਦੇ ਸੰਕੇਤ ਵਜੋਂ ਦੇਖਿਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਮੰਨਿਆ ਜਾ ਰਿਹਾ ਹੈ ਕਿ ਇਕ ਹਮਲਾਵਰ ਨੇ ਸਾਹਮਣੇ ਤੋਂ ਟਰੱਕ ਨੂੰ ਨਿਸ਼ਾਨਾ ਬਣਾਇਆ, ਜਦਕਿ ਦੂਜੇ ਅੱਤਵਾਦੀਆਂ ਨੇ ਦੂਜੇ ਪਾਸਿਓਂ ਗੋਲੀਬਾਰੀ ਕੀਤੀ ਅਤੇ ਗ੍ਰਨੇਡ ਸੁੱਟੇ। ਅਧਿਕਾਰੀਆਂ ਨੇ ਕਿਹਾ ਕਿ ਰਾਸ਼ਟਰੀ ਸੁਰੱਖਿਆ ਗਾਰਡ (ਐਨਐਸਜੀ) ਅਤੇ ਰਾਸ਼ਟਰੀ ਜਾਂਚ ਏਜੰਸੀ (ਐਨਆਈਏ) ਸਮੇਤ ਵੱਖ-ਵੱਖ ਏਜੰਸੀਆਂ ਦੇ ਮਾਹਿਰਾਂ ਨੇ ਘਾਤਕ ਹਮਲੇ ਦੀ ਸਹੀ ਤਸਵੀਰ ਲੈਣ ਲਈ ਪਿਛਲੇ ਦੋ ਦਿਨਾਂ ਵਿੱਚ ਘਟਨਾ ਸਥਾਨ ਦਾ ਦੌਰਾ ਕੀਤਾ ਹੈ।

ਉਨ੍ਹਾਂ ਕਿਹਾ ਕਿ ਪੁਣਛ ਹਮਲੇ ਤੋਂ ਬਾਅਦ ਜਿਸ ਤਰ੍ਹਾਂ ਟਰੱਕ ਨੂੰ ਅੱਗ ਲੱਗੀ, ਉਸ ਤੋਂ ਸਟਿੱਕੀ ਬੰਬਾਂ ਦੀ ਵਰਤੋਂ ਹੋਣ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਰਿਹਾ ਹੈ। ਹਾਲਾਂਕਿ ਇਸ ਬਾਰੇ ਫੋਰੈਂਸਿਕ ਜਾਂਚ ਤੋਂ ਬਾਅਦ ਹੀ ਕੁਝ ਕਿਹਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਮੰਨਿਆ ਜਾਂਦਾ ਹੈ ਕਿ ਹਮਲਾਵਰਾਂ ਵਿੱਚੋਂ ਇੱਕ ਨੇ ਵਾਹਨ ਨੂੰ ਅੱਗੇ ਤੋਂ ਨਿਸ਼ਾਨਾ ਬਣਾਇਆ ਜਦੋਂ ਕਿ ਉਸਦੇ ਸਾਥੀਆਂ ਨੇ ਉਲਟ ਪਾਸੇ ਤੋਂ ਵਾਹਨ 'ਤੇ ਗੋਲੀਆਂ ਚਲਾਈਆਂ ਅਤੇ ਗ੍ਰਨੇਡ ਸੁੱਟੇ, ਜਿਸ ਨਾਲ ਫੌਜੀਆਂ ਨੂੰ ਜਵਾਬੀ ਕਾਰਵਾਈ ਕਰਨ ਦਾ ਸਮਾਂ ਨਹੀਂ ਮਿਲਿਆ।

# ਵਹੀਕਲ ਟ੍ਰੈਕਿੰਗ ਸਿਸਟਮ ਨੂੰ ਸਫਲਤਾਪੂਰਵਕ ਲਾਗੂ ਕੀਤਾ ਗਿਆ: ਲਾਲ ਚੰਦ ਕਟਾਰੂਚੱਕ

ਚੰਡੀਗੜ੍ਹ, 23 ਅਪ੍ਰੈਲ (ਪੋਸਟ ਬਿਊਰੋ): ਕਣਕ ਦੀ ਖਰੀਦ ਪ੍ਰਕਿਰਿਆ ਵਿੱਚ ਪੂਰੀ ਪਾਰਦਰਸ਼ਿਤਾ ਨੂੰ ਯਕੀਨੀ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ ਨਿਰਦੇਸ਼ਾਂ ’ਤੇ ਕਾਰਵਾਈ ਕਰਦਿਆਂ ਸੂਬੇ ਵਿੱਚ ਚੱਲ ਰਹੇ ਕਣਕ ਦੇ ਖਰੀਦ ਸੀਜ਼ਨ ਦੌਰਾਨ ਵਹੀਕਲ ਟ੍ਰੈਕਿੰਗ ਸਿਸਟਮ (ਵੀਟੀਐਸ) ਲਾਗੂ ਕੀਤਾ ਗਿਆ ਹੈ। ਹੁਣ ਤੱਕ, 26,250 ਟਰਾਂਸਪੋਰਟ ਵਾਹਨਾਂ ਵਿੱਚ ਜੀਪੀਐਸ ਯੰਤਰ ਲਗਾਏ ਗਏ ਹਨ ਜੋ ਮੰਡੀ ਤੋਂ ਗੋਦਾਮਾਂ ਤੱਕ ਵਾਹਨਾਂ ਦੀ ਆਵਾਜਾਈ ਨੂੰ ਟਰੈਕ ਕਰਨ ਵਿੱਚ ਮਦਦ ਕਰਦੇ ਹਨ। ਵੀਟੀਐਸ ਰਾਹੀਂ 95,421 ਤੋਂ ਵੱਧ ਆਨਲਾਈਨ ਗੇਟ ਪਾਸ ਜਾਰੀ ਕੀਤੇ ਗਏ ਹਨ ਅਤੇ ਮੈਨੂਅਲ ਪਾਸਾਂ ਨੂੰ ਜਾਰੀ ਕਰਨਾ ਬੰਦ ਕਰ ਦਿੱਤਾ ਗਿਆ ਹੈ।

ਇਨ੍ਹਾਂ ਵੇਰਵਿਆਂ ਨੂੰ ਸਾਂਝਾ ਕਰਦਿਆਂ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਦੱਸਿਆ ਕਿ ਇਹ ਪਹਿਲੀ ਵਾਰ ਹੈ ਕਿ ਪੰਜਾਬ ਵਿੱਚ ਅਨਾਜ ਦੀ ਖਰੀਦ ਸਬੰਧੀ ਕਾਰਜਾਂ ਲਈ ਵੀਟੀਐਸ ਨੂੰ ਲਾਗੂ ਕੀਤਾ ਗਿਆ ਹੈ। ਇਸ ਨਾਲ ਵਿਭਾਗ ਨੂੰ ਟਰੱਕਾਂ ਦੀ ਆਵਾਜਾਈ ’ਤੇ ਨਜ਼ਰ ਰੱਖਣ ’ਚ ਮਦਦ ਮਿਲ ਰਹੀ ਹੈ ਤਾਂ ਜੋ ਕਣਕ ਸਬੰਧੀ ਘਪਲੇਬਾਜ਼ੀ, ਰੀਸਾਈਕਲਿੰਗ ਅਤੇ ਦੂਜੇ ਸੂਬਿਆਂ ਤੋਂ ਨਾਜਾਇਜ਼ ਤੌਰ ਉੱਤੇ ਕਣਕ ਲਿਆਉਣ ਦੀ ਕਿਸੇ ਵੀ ਸੰਭਾਵਿਤ ਕੋਸ਼ਿਸ਼ ਨੂੰ ਤੁਰੰਤ ਰੋਕਿਆ ਜਾ ਸਕੇ। ਇਸ ਤੋਂ ਇਲਾਵਾ ਇਹ ਵਾਹਨਾਂ ਦੀ ਸਰਵੋਤਮ ਵਰਤੋਂ ਵਿੱਚ ਮਦਦ ਕਰਦਾ ਹੈ ਕਿਉਂਕਿ ਇਹ ਅਧਿਕਾਰੀਆਂ ਨੂੰ ਟਰੱਕਾਂ ਦੀ ਲੋਡਿੰਗ ਅਤੇ ਅਨਲੋਡਿੰਗ ਦੀ ਨਿਗਰਾਨੀ ਕਰਨ ਵਿੱਚ ਮਦਦ ਕਰਦਾ ਹੈ।



URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA

MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**Hwy 7/ Churchill Rd/Tanners Dr**

ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।

**Mclaughlin Rd & Steeles Ave**

ਸੋਹਣਾ ਤੇ ਸਾਫ ਸੁਧਰਾ, ਮਾਡਰਨ ਲੇਆਉਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ

**Wanless /Queen Mary /Mclaughlin**

2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।

**Chinguacousy & Bovaird**

ਸ਼ਾਨਦਾਰ ਤੇ ਸਾਫ ਸੁਧਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232

JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT



# Dr. Randhawa Dentistry

*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd / Mcvean Dr / Gore Rd / Squire Ellis Dr / DENTISTRY / Countryside Dr



# Grand Upholstery Ltd

Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ **L Shape** ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017